ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ


ਬੁੱਧਵਾਰ,05 ਮਾਰਚ 2025

Email:- lokbani08@gmail.com

R. N. I. Punpun/29016/2008 ✶ ਸਾਲ 16 , ✶ ਅੰਕ : 258 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111










## ਮੈਕਸਿਕੋ ਤੇ ਕੈਨੇਡਾ ਤੋਂ ਦਰਾਮਦ ਵਸਤਾਂ ’ਤੇ ਅੱਜ ਤੋਂ 25 ਫੀਸਦ ਟੈਕਸ ਲੱਗੇਗਾ: ਟਰੰਪ

ਵਾਸ਼ਿੰਗਟਨ, ਲੋਕ ਬਾਣੀ-ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਕਿ ਮੈਕਸਿਕੋ ਤੇ ਕੈਨੇਡਾ ਤੋਂ ਦਰਾਮਦ ਵਸਤਾਂ ’ਤੇ 25 ਫੀਸਦ ਟੈਕਸ ਅੱਜ ਮੰਗਲਵਾਰ ਤੋਂ ਲਾਗੂ ਹੋ ਜਾਵੇਗਾ। ਟਰੰਪ ਦੀ ਇਸ ਪੇਸ਼ਕਦਮੀ ਨਾਲ ਉੱਤਰੀ ਅਮਰੀਕਾ ਵਿਚ ਵਪਾਰਕ ਜੰਗ ਦਾ ਖ਼ਦਸ਼ਾ ਬਣ ਗਿਆ ਹੈ ਜਿਸ ਨਾਲ ਮਹਿੰਗਾਈ ਵਧਣ ਤੇ ਵਿਕਾਸ ਵਿਚ ਅੜਿੱਕੇ ਪੈਦਾ ਹੋਣ ਦੇ ਸੰਕੇਤ ਪਹਿਲਾਂ ਹੀ ਮਿਲ ਚੁੱਕੇ ਹਨ। ਉਧਰ ਕੈਨੇਡਾ ਦੇ ਪ੍ਰਧਾਨ



ਮੰਤਰੀ ਜਸਟਿਨ ਟਰੂਡੋ ਨੇ ਕਿਹਾ ਕਿ ਉਨ੍ਹਾਂ ਦਾ ਮੁਲਕ ਪਰਸਪਰ ਟੈਕਸ ਵਜੋਂ ਅਗਲੇ 21 ਦਿਨਾਂ ਵਿਚ 100 ਅਰਬ ਡਾਲਰ ਦੀਆਂ ਅਮਰੀਕੀ ਵਸਤਾਂ ’ਤੇ ਟੈਕਸ ਲਗਾਏਗਾ।

## ਭਾਰਤ ਚੈਂਪੀਅਨਜ਼ ਟਰਾਫ਼ੀ ਦੇ ਫਾਈਨਲ ਵਿਚ

ਦੁਬਈ, ,ਲੋਕ ਬਾਣੀ-ਭਾਰਤ ਅੱਜ ਇਥੇ ਚੈਂਪੀਅਨਜ਼ ਟਰਾਫ਼ੀ ਦੇ ਪਹਿਲੇ ਸੈਮੀਫਾਈਨਲ ਵਿਚ ਆਸਟਰੇਲੀਆ ਨੂੰ 4 ਵਿਕਟਾਂ ਨਾਲ ਹਰਾ ਕੇ Champions Trophy ਦੇ ਫਾਈਨਲ ਵਿਚ ਪਹੁੰਚ ਗਿਆ। ਆਸਟਰੇਲੀਆ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 49.3 ਓਵਰਾਂ ਵਿਚ 264 ਦੌੜਾਂ ਬਣਾਈਆਂ। ਭਾਰਤ ਨੇ ਇਸ ਟੀਚੇ ਨੂੰ 48.1 ਓਵਰਾਂ ਵਿਚ 6 ਵਿਕਟਾਂ ਦੇ ਨੁਕਸਾਨ ਨਾਲ 267 ਦੌੜਾਂ ਬਣਾ ਕੇ ਪੂਰਾ ਕਰ ਲਿਆ। ਭਾਰਤ ਦੀ ਜਿੱਤ ਵਿਚ ਵਿਰਾਟ ਕੋਹਲੀ (84), ਸ਼੍ਰੇਅਸ ਅੱਈਅਰ 45 ਤੇ ਕੇਐੱਲ ਰਾਹੁਲ ਦੀਆਂ



ਨਾਬਾਦ 42 (34 ਗੇਂਦਾਂ, 2 ਚੌਕੇ, 2 ਛੱਕੇ) ਅਤੇ ਅਕਸ਼ਰ ਪਟੇਲ 27 ਤੇ ਹਾਰਦਿਕ ਪੰਡਿਆ ਦੀਆਂ 28 ਤੇਜ਼ਤਰਾਰ ਦੌੜਾਂ ਦਾ ਅਹਿਮ ਯੋਗਦਾਨ ਰਿਹਾ।

## ਦਿੱਲੀ ਹਾਈ ਕੋਰਟ ਵੱਲੋਂ ਕ੍ਰਿਸ਼ਚੀਅਨ ਮਿਸ਼ੇਲ ਨੂੰ ਈਡੀ ਕੇਸ ’ਚ ਜ਼ਮਾਨਤ

ਨਵੀਂ ਦਿੱਲੀ ਲੋਕ ਬਾਣੀ-ਦਿੱਲੀ ਹਾਈ ਕੋਰਟ ਨੇ 3600 ਕਰੋੜ ਦੇ ਅਗਸਤਾ ਵੈਸਟਲੈਂਡ ਮਨੀ ਲਾਂਡਰਿੰਗ ਕੇਸ ਵਿਚ ਕਥਿਤ ਦਲਾਲ ਕ੍ਰਿਸ਼ਚੀਅਨ ਮਿਸ਼ੇਲ ਨੂੰ ਜ਼ਮਾਨਤ ਦੇ ਦਿੱਤੀ ਹੈ।

ਜਸਟਿਸ ਸਵਰਨ ਕਾਂਤਾ ਸ਼ਰਮਾ ਨੇ 28 ਫਰਵਰੀ ਨੂੰ ਫੈਸਲਾ ਰਾਖਵਾਂ ਰੱਖ ਲਿਆ ਸੀ।ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ ਬਰਤਾਨਵੀ ਨਾਗਰਿਕ ਨੂੰ ਸੀਬੀਆਈ ਕੇਸ ਵਿਚ 18 ਫਰਵਰੀ ਨੂੰ ਜ਼ਮਾਨਤ ਦੇ



ਦਿੱਤੀ ਸੀ।

ਜਾਂਚ ਏਜੰਸੀਆਂ ਨੇ ਇਤਾਲਵੀ ਕੰਪਨੀ ਅਗਸਤਾਵੈਸਟਲੈਂਡ ਤੋਂ 12 ਵੀਵੀਆਈਪੀ ਹੈਲੀਕਾਪਟਰਾਂ ਦੀ ਖਰੀਦ ਵਿਚ ਕਥਿਤ ਬੇਨਿਯਮੀਆਂ ਦਾ ਦਾਅਵਾ ਕੀਤਾ ਸੀ।

## ਸੁਪਰੀਮ ਕੋਰਟ ਵੱਲੋਂ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ 17 ਮਾਰਚ ਨੂੰ ‘ਸਿਟ’ ਅੱਗੇ ਪੇਸ਼ ਹੋਣ ਦੇ ਹੁਕਮ

ਨਵੀਂ ਦਿੱਲੀ, ਲੋਕ ਬਾਣੀ-ਸੁਪਰੀਮ ਕੋਰਟ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਨਸ਼ਿਆਂ ਦੇ ਮਾਮਲੇ ਵਿੱਚ ਪੁੱਛਗਿੱਛ ਲਈ 17 ਮਾਰਚ ਨੂੰ ਪੰਜਾਬ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ (ਸਿਟ) ਅੱਗੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਜਸਟਿਸ ਜੇਕੇ ਮਹੇਸ਼ਵਰੀ ਦੀ ਅਗਵਾਈ ਵਾਲੇ ਬੈਂਚ ਨੇ ਮਜੀਠੀਆ ਨੂੰ ਪੁੱਛਗਿੱਛ ਲਈ 17 ਮਾਰਚ ਨੂੰ ਸਵੇਰੇ 11 ਵਜੇ ਸਿੱਟ ਦੇ ਪਟਿਆਲਾ ਸਥਿਤ ਹੈੱਡਕੁਆਰਟਰ ਵਿਚ ਪੇਸ਼ ਹੋਣ ਲਈ ਕਿਹਾ ਹੈ। ਬੈਂਚ ਨੇ ਕਿਹਾ,



“ਅਧਿਕਾਰੀ ਉਸ ਤੋਂ ਪੁੱਛਗਿੱਛ ਕਰਕੇ ਜਾਂਚ ਪੂਰੀ ਕਰ ਸਕਦੇ ਹਨ। ਅਤੇ ਜੇ ਲੋੜ ਪਈ ਤਾਂ ਮਜੀਠੀਆ ਨੂੰ 18 ਮਾਰਚ ਨੂੰ ਵੀ ਉਸੇ ਸਮੇਂ ਪੇਸ਼ ਹੋਣਾ ਹੋਵੇਗਾ।”

## ਭਾਰਤ ਵੱਲੋਂ ਕਸ਼ਮੀਰ ਤੇ ਮਨੀਪੁਰ ਬਾਰੇ ਟਿੱਪਣੀਆਂ ਲਈ UN ਮਨੁੱਖੀ ਅਧਿਕਾਰ ਮੁਖੀ ਦੀ ਨਿੰਦਾ


ਨਵੀਂ ਦਿੱਲੀ, ਲੋਕ ਬਾਣੀ ਭਾਰਤ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਹਾਈ ਕਮਿਸ਼ਨਰ ਵੋਲਕਰ ਤੁਰਕ (Volker Turk, the UN High Commissioner for Human Rights) ਨੇ ਤੈਅਸ਼ੁਦਾ ਅਤੇ ਬੇਬੁਨਿਆਦ ਟਿੱਪਣੀਆਂ ਕਰਨ ਲਈ ਖੋਖਲੀ ਸ਼ਬਦਾਵਲੀ ਅਤੇ ਮਿਥ ਕੇ ਚੁਣੀਆਂ ਸਥਿਤੀਆਂ ਦੀ ਵਰਤੋਂ ਕੀਤੀ ਹੈ। ਮਨੁੱਖੀ ਅਧਿਕਾਰ ਪ੍ਰੀਸ਼ਦ ਦੇ 58ਵੇਂ ਨਿਯਮਤ ਸੈਸ਼ਨ ‘ਤੇ ਪ੍ਰਤੀਕਿਰਿਆ ਦਿੰਦਿਆਂ ਜਨੇਵਾ ਵਿੱਚ ਸੰਯੁਕਤ ਰਾਸ਼ਟਰ ਅਤੇ ਹੋਰ ਕੌਮਾਂਤਰੀ ਸੰਗਠਨਾਂ ਵਿੱਚ ਭਾਰਤ ਦੇ ਸਥਾਈ ਪ੍ਰਤੀਨਿਧੀ



ਅਰਿੰਦਮ ਬਾਗਚੀ (Arindam Bagchi, the Permanent Representative of India to the UN and other International Organisations in Geneva) ਨੇ ਕਿਹਾ,

## ਪੰਜਾਬ ਸਰਕਾਰ ਦਾ ਵੱਡਾ ਐਕਸ਼ਨ, 9 ਨਾਇਬ ਸਣੇ 14 ਤਹਿਸੀਲਦਾਰ ਕੀਤੇ ਮੁਅੱਤਲ

ਚੰਡੀਗੜ੍ਹ ਲੋਕ ਬਾਣੀ- ਪੰਜਾਬ ਸਰਕਾਰ ਨੇ ਹੜਤਾਲੀ ਤਹਿਸੀਲਦਾਰਾਂ ਤੇ ਵੱਡੀ ਕਾਰਵਾਈ ਕਰਦਿਆਂ 14 ਤਹਿਸੀਲਦਾਰਾਂ ਨੂੰ ਮੁਅੱਤਲ ਕਰ ਦਿੱਤਾ ਹੈ। ਇਨ੍ਹਾਂ ਵਿਚ 9 ਨਾਇਬ ਤਹਿਸੀਲਦਾਰ ਵੀ ਸ਼ਾਮਿਲ ਹਨ।



Government of Punjab
Department of Revenue and Rehabilitation
(Revenue Establishment-1 Branch)

ORDER

Proceedings for Major Punishment under Rule 8 of the Punjab Civil Services (Punishment and Appeal) Rules, 1970 are contemplated against the following Tehsildars/Naib-Tehsildars. They are placed under suspension with immediate effect.

| Sr. No. | Name and Designation Sarv. Sh./Smt. | Present place of posting | District |
|---|---|---|---|
| 1 | Gurmukh Singh, Tehsildar | Baghapurana | Moga |
| 2 | Bhim Sen, Naib Tehsildar | Baghapurana | Moga |
| 3 | Amarpreet Singh, Naib Tehsildar | Smalsar | Moga |
| 4 | Ramesh Dhingra, Naib Tehsildar | Dharamkot | Moga |
| 5 | Hamish Kumar, Naib Tehsildar | Badhni Kalan | Moga |
| 6 | Sukhwinder Singh, Naib Tehsildar | Nihal Singh Wala | Moga |
| 7 | Rajinder Singh, Tehsildar | Guruharsahai additional charge Ferozepur | Ferozepur |
| 8 | Jagtar Singh, Naib Tehsildar | Ferozepur | Ferozepur |
| 9 | Jatinder Pal Singh, Tehsildar | Malout additional charge Sri Muktsar Sahib | Sri Muktsar Sahib |
| 10 | Ranjit Singh Khaira, Naib Tehsildar | Sri Muktsar Sahib | Sri Muktsar Sahib |
| 11 | Parminder Singh, Tehsildar | Bariwala | Sri Muktsar Sahib |
| 12 | Kanwaldeep Singh Brar, Tehsildar | Gidderbaha | Sri Muktsar Sahib |

## ਲੁਟੇਰਿਆਂ ਵਲੋਂ ਰਾਣਾ ਸ਼ੂਗਰ ਮਿੱਲ ਵਿਚ ਕੰਮ ਕਰਦੇ ਮੁਲਾਜ਼ਮ ਦਾ ਗੋਲੀ ਮਾਰ ਕੇ ਕਤਲ

ਘੁਮਾਣ ਲੋਕ ਬਾਣੀ- ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਘੁਮਾਣ ਦੇ ਨਜ਼ਦੀਕ ਪੈਂਦੇ ਪਿੰਡ ਮਹਿਮਦਪੁਰ ਵਿਖੇ ਤਿੰਨ ਅਣਪਛਾਤੇ ਲੁਟੇਰਿਆਂ ਵਲੋਂ ਰਾਣਾ ਸ਼ੂਗਰ ਮਿੱਲ ਵਿਚ ਕੰਮ ਕਰਦੇ ਮੁਲਾਜ਼ਮ ਦਾ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਰਾਮ ਜੀਵਨ ਸ਼ੁਕਲਾ, ਜੋ ਕਿ ਯੂ.ਪੀ. ਲਖਨਪੁਰ ਦਾ ਰਹਿਣ ਵਾਲਾ ਹੈ ਅਤੇ ਇਸ ਦੇ ਨਾਲ ਦਿਨੇਸ਼ ਜੋ ਕਿ ਹਿਮਾਚਲ ਕਾਂਗੜਾ ਦਾ ਰਹਿਣ ਵਾਲਾ




ਹੈ । ਦੋਨੋਂ ਆਪਣੇ ਮੋਟਰਸਾਈਕਲ ’ਤੇ ਰਾਣਾ ਸ਼ੂਗਰ ਮਿੱਲ ਤੋਂ ਸ਼ਾਮ ਕਰੀਬ 6 ਵਜੇ ਟਕਾਪੁਰ ਤੋਂ ਬੋਲੇਵਾਲ ਅਤੇ ਮਹਿਮਦਪੁਰ ਨੂੰ ਆ ਰਹੇ ਸਨ।

## ਮੀਡੀਆ ਕਲੱਬ ਨੇ ਕਿਤੀਆਂ ਵੱਡੇ ਪੱਧਰ ਤੇ ਨਿਯੁਕਤੀਆਂ

ਜਲੰਧਰ, ਹਰਬੰਸ ਬਿੱਟੂ- ਪੰਜਾਬ ਦੇ ਪਤਰਕਾਰਾਂ ਦੇ ਭਲੇ ਲਈ ਬਣਾਈ ਗਈ ਸੰਸਥਾ ਮੀਡੀਆ ਕਲੱਬ ਵਲੋਂ ਚੇਅਰਮੈਨ ਅਮਨ ਮਹਿਰਾ ਤੇ ਪ੍ਰਧਾਨ ਸੁਨੀਲ ਦੱਤ ਦੀ ਪ੍ਰਧਾਨਗੀ ਚ ਸਥਾਨਕ ਜਲੰਧਰ ਦੇ ਹੋਟਲ ਵਿਚ ਵੱਡੇ ਪੱਧਰ ਤੇ ਕਲੱਬ ਦੀਆਂ ਨਿਯੁਕਤੀਆਂ ਕਿਤੀਆਂ ਗਈਆ ਜਿਸ ਵਿਚ ਹਰਨੇਕ ਸਿੰਘ ਵਿਰਦੀ ਨੂੰ ਸੀਨੀਅਰ ਮੀਤ ਪ੍ਰਧਾਨ, ਰਿੰਕੂ ਸੈਣੀ ਸੀਨੀਅਰ ਮੀਤ ਪ੍ਰਧਾਨ,ਦਲਬੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਅਸ਼ੋਕ ਲਾਡੀ ਸੀਨੀਅਰ ਮੀਤ ਪ੍ਰਧਾਨ, ਕੁਸ਼ ਚਾਵਲਾ ਸੀਨੀਅਰ ਮੀਤ ਪ੍ਰਧਾਨ, ਅਨੀਲ ਵਰਮਾ ਮੀਤ ਪ੍ਰਧਾਨ,ਰਾਜ ਸ਼ਰਮਾ ਮੀਤ ਪ੍ਰਧਾਨ,ਗੋਰੀ ਕੇਤਨ ਪੀ ਆਰ ਓ ਵੇਦ ਪ੍ਰਕਾਸ਼ ਪੀ ਆਰ ਓ, ਨਰਿੰਦਰ ਗੁਪਤਾ ਸੈਕਟਰੀ, ਜੁਆਇੰਟ ਸੈਕਟਰੀ ਨੀਤਿਨ ਕੋੜਾ, ਕਮਲਜੀਤ ਸਿੰਘ ਜੁਆਇੰਟ



ਕੈਸ਼ੀਅਰ ਨੂੰ ਜ਼ੁਮੇਵਾਰੀਆਂ ਦਿਤਿਆਂ ਗਈਆਂ ਤੇ ਕਲੱਬ ਵਲੋਂ ਜਲਦ ਹੀ ਟੂਰ ਪ੍ਰੋਗਰਾਮ ਤੇ ਲਿਜਾਉਣ ਤੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਮੁਫ਼ਤ ਬੀਮਾ ਕਰਵਾਉਣ ਦਾ ਮਤਾ ਪਾਸ ਕੀਤਾ ਗਿਆ ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਬਿੱਟੂ ਓਬਰਾਏ ਡੀਸੀ ਪਾਲ ਕੋਲ,, ਜਤਿੰਦਰ ਸ਼ਰਮਾ ਸਲਾਹਕਾਰ,ਰਵੀ ਪਾਲ , ਮੁੱਖ ਸਲਾਹਕਾਰ ਵਿਨੈਪਾਲ, ਸੀਨੀਅਰ ਮੀਤ ਪ੍ਰਧਾਨ ਸਤਪਾਲ ਆਦਿ ਅਨੇਕਾਂ ਪਤਰਕਾਰ ਹਾਜ਼ਰ ਸਨ





ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਵਿਜੀਲੈਂਸ ਬਿਊਰੋ ਨੇ ਪੁਲਿਸ ਅਧਿਕਾਰੀਆਂ ਦੇ ਨਾਂ 'ਤੇ 3 ਲੱਖ ਰੁਪਏ ਰਿਸ਼ਵਤ ਲੈਂਦੇ ਵਿਅਕਤੀ ਨੂੰ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਚੱਲ ਰਹੀ ਮੁਹਿੰਮ ਤਹਿਤ ਹਰਿਆਣਾ ਦੇ ਪਿੰਡ ਅਸਮਾਨਪੁਰ, ਪਿਹੋਵਾ ਦੇ ਰਹਿਣ ਵਾਲੇ ਇੱਕ ਨਿੱਜੀ ਵਿਅਕਤੀ, ਧਰਮਪਾਲ ਨੂੰ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਦੋਸ਼ੀ ਨੂੰ ਇਸੇ ਪਿੰਡ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ ਹੈ ਅਤੇ ਦੋਸ਼ ਲਗਾਇਆ ਕਿ ਪਾਤੜਾਂ ਦੇ ਇੱਕ ਨਿਵਾਸੀ ਵੱਲੋਂ ਉਸ ਵਿਰੁੱਧ ਦਰਜ ਕੀਤੀ ਗਈ ਝੂਠੀ ਸ਼ਿਕਾਇਤ ਕਾਰਨ ਉਸਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ ਅਤੇ ਵਾਰ-ਵਾਰ ਪਾਤੜਾਂ ਪੁਲਿਸ ਥਾਣੇ ਵਿੱਚ ਬੁਲਾਇਆ ਜਾ ਰਿਹਾ ਸੀ। ਉਕਤ ਮੁਲਜ਼ਮ, ਧਰਮਪਾਲ, ਸ਼ਿਕਾਇਤਕਰਤਾ ਅਤੇ ਕੁਝ ਪੁਲਿਸ ਅਧਿਕਾਰੀਆਂ ਵਿਚਕਾਰ ਪੈਸਿਆਂ ਦੇ ਲੈਣ-ਦੇਣ ਲਈ ਵਿਚੋਲਗੀ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਖੁਲਾਸਾ ਕੀਤਾ ਕਿ ਉਸਨੂੰ ਦੋਸ਼ੀ ਧਰਮਪਾਲ ਰਾਹੀਂ ਪੁਲਿਸ ਅਧਿਕਾਰੀਆਂ ਨੂੰ 2 ਲੱਖ ਰੁਪਏ ਰਿਸ਼ਵਤ ਦੇਣ ਲਈ ਮਜਬੂਰ ਕੀਤਾ ਗਿਆ। ਇਸੇ ਤਰ੍ਹਾਂ 4 ਲੱਖ ਰੁਪਏ ਦੀ ਹੋਰ ਮੰਗ ਕੀਤੀ ਗਈ ਤੇ ਬਾਅਦ ਵਿੱਚ ਸੌਦਾ 3 ਲੱਖ ਰੁਪਏ ਵਿੱਚ ਤੈਅ ਹੋਇਆ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਮੁਲਜ਼ਮ ਧਰਮਪਾਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਬੰਧਤ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

# ਸੰਯੁਕਤ ਕਿਸਾਨ ਮੋਰਚਾ ਦੀ ਹੋਣ ਵਾਲੀ ਮੀਟਿੰਗ ਹੋਈ ਮੁਲਤਵੀ




ਚੰਡੀਗੜ੍ਹ (ਲੋਕ ਬਾਣੀ)ਪੁਲਿਸ ਵਲੋਂ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਕਿਸਾਨ ਆਗੂਆਂ ਨੂੰ ਹਿਰਾਸਤ ਵਿਚ ਲੈਣ ਸੰਬੰਧੀ ਖ਼ਬਰਾਂ ਸਾਹਮਣੇ ਆਉਣ ਤੋਂ ਬਾਅਦ ਲੁਧਿਆਣਾ ਦੇ ਈਸੜੂ ਭਵਨ ਵਿਖੇ ਹੋਣ ਵਾਲੇ ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ। ਈਸੜੂ ਭਵਨ ਵਿਖੇ ਕਿਸਾਨ ਆਗੂ ਨੇ ਦੱਸਿਆ ਕਿ ਬੀਤੇ ਦਿਨ ਚੰਡੀਗੜ੍ਹ ਵਿਖੇ ਕਿਸਾਨਾਂ ਦੀ ਮੁੱਖ ਮੰਤਰੀ ਨਾਲ ਹੋਈ ਮੀਟਿੰਗ ਸਫ਼ਲ ਨਹੀਂ ਰਹੀ ਸੀ, ਜਦਕਿ ਅੱਜ ਪੁਲਿਸ ਵਲੋਂ ਕਿਸਾਨ ਆਗੂਆਂ ਨੂੰ ਹਿਰਾਸਤ ਵਿਚ ਲਿਆ ਜਾ ਰਿਹਾ ਹੈ। ਇਸ ਕਰਕੇ ਈਸੜੂ ਭਵਨ ਵਿਖੇ ਹੋਣ ਵਾਲੀ ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। ਹਾਲਾਂਕਿ 5 ਮਾਰਚ ਦਾ ਉਨ੍ਹਾਂ ਦਾ ਚੰਡੀਗੜ੍ਹ ਦਾ ਪ੍ਰੋਗਰਾਮ ਜਾਰੀ ਰਹੇਗਾ।

# ਕਮਿਸ਼ਨਰੇਟ ਪੁਲਿਸ ਵੱਲੋਂ ਪਿੰਡ ਤਲਵੰਡੀ ਕਲਾਂ ਚ ਦੋ ਨਸ਼ਾ ਤਸਕਰਾਂ ਦੇ ਗੈਰ-ਕਾਨੂੰਨੀ ਢਾਂਚਿਆਂ ਤੇ ਕਾਰਵਾਈ



ਚੰਡੀਗੜ੍ਹ/ਲੁਧਿਆਣਾ, (ਲੋਕ ਬਾਣੀ) ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਉਨ੍ਹਾਂ ਦੇ ਗੈਰ-ਕਾਨੂੰਨੀ ਕਬਜ਼ਿਆਂ ਤੇ ਨਕੇਲ ਕੱਸਣ ਲਈ ਨਿਰੰਤਰ ਯਤਨਾਂ ਰਾਹੀਂ ਯੁੱਧ ਨਸ਼ਿਆਂ ਵਿਰੁੱਧ ਪਹਿਲਕਦਮੀ ਤਹਿਤ, ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਰੇਲਵੇ ਅਧਿਕਾਰੀਆਂ ਦੇ ਸਹਿਯੋਗ ਨਾਲ, ਜ਼ਿਲ੍ਹੇ ਦੇ ਤਲਵੰਡੀ ਕਲਾਂ ਪਿੰਡ ਵਿੱਚ ਦੋ ਤਸਕਰਾਂ ਦੁਆਰਾ ਰੇਲਵੇ ਜ਼ਮੀਨ ਤੇ ਕਬਜ਼ਾ ਕਰਕੇ ਬਣਾਏ ਗਏ ਅਣ-ਅਧਿਕਾਰਤ ਢਾਂਚੇ ਢਾਹ ਦਿੱਤੇ ਹਨ।

ਇਹ ਢਾਂਚਾ ਦੋ ਨਸ਼ਾ ਤਸਕਰਾਂ ਦੁਆਰਾ ਗੈਰ-ਕਾਨੂੰਨੀ ਤੌਰ ਤੇ ਕਬਜ਼ਾ ਕੀਤਾ ਗਿਆ ਸੀ, ਦੋਵੇਂ ਮੁਲਜਮ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸ (ਐਨ.ਡੀ.ਪੀ.ਐਸ.) ਐਕਟ ਤਹਿਤ ਦਰਜ਼ ਵੱਖ-ਵੱਖ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ।

ਡਿਪਟੀ ਕਮਿਸ਼ਨਰ ਆਫ਼ ਪੁਲਿਸ (ਡੀ.ਸੀ.ਪੀ.) ਜਸਕਿਰਨਜੀਤ ਸਿੰਘ ਤੇਜਾ ਵੱਲੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਇਹ ਕਾਰਵਾਈ ਰੇਲਵੇ ਵਿਭਾਗ ਵੱਲੋਂ ਦਿੱਤੀ ਦਰਖਾਸਤ ਦੇ ਆਧਾਰ ਤੇ ਕੀਤੀ ਗਈ ਹੈ ਜਿਨ੍ਹਾਂ ਗੈਰ-ਕਾਨੂੰਨੀ ਕਬਜ਼ੇ ਹਟਾਉਣ ਲਈ ਪੁਲਿਸ ਸਹਾਇਤਾ ਦੀ ਮੰਗ ਕੀਤੀ ਸੀ।

ਸਰਕਾਰੀ ਰਿਕਾਰਡ ਅਨੁਸਾਰ, ਮੁਲਜ਼ਮਾਂ ਵਿੱਚੋਂ ਰਾਣੀ, ਇੱਕ ਬਦਨਾਮ ਨਸ਼ਾ ਤਸਕਰ ਹੈ ਜਿਸ ਨੂੰ ਐਨ.ਡੀ.ਪੀ.ਐਸ. ਐਕਟ ਦੇ ਪੰਜ ਕੇਸਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਦਕਿ ਸ਼ਿੰਦਰ ਪਾਲ, ਜਿਸਨੂੰ ਨਿੱਕਾ ਵੀ ਕਿਹਾ ਜਾਂਦਾ ਹੈ, ਡਰੱਗ ਤਸਕਰੀ ਦੇ 9 ਮਾਮਲਿਆਂ ਵਿੱਚ ਸ਼ਾਮਲ ਹੈ।

ਡੀ.ਸੀ.ਪੀ. ਤੇਜਾ ਨੇ ਕਿਹਾ ਕਿ ਪੁਲਿਸ ਨੇ ਰੇਲਵੇ ਅਧਿਕਾਰੀਆਂ ਦੇ ਨਾਲ ਮਿਲ ਕੇ ਇਹ ਯਕੀਨੀ ਬਣਾਇਆ ਕਿ ਕਬਜ਼ਾਮੁਕਤ ਕਾਰਵਾਈ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੀ ਜਾਵੇ ਅਤੇ ਅਣਸੁਖਾਵੀਂ ਘਟਨਾ ਦੀ ਰੋਕਥਾਮ ਲਈ ਲੋੜੀਂਦੇ ਮੁਲਾਜ਼ਮ ਤਾਇਨਾਤ ਕੀਤੇ ਗਏ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਜ਼ਮੀਨ ਜਾਇਜ਼ ਤੌਰ ਤੇ ਰੇਲਵੇ ਦੀ ਹੈ ਅਤੇ ਮੁਲਜ਼ਮਾਂ ਦੁਆਰਾ ਗੈਰ-ਕਾਨੂੰਨੀ ਤੌਰ ਤੇ ਕਬਜ਼ਾ ਕੀਤਾ ਗਿਆ ਸੀ। ਰੇਲਵੇ ਵਿਭਾਗ ਨੇ ਲੁਧਿਆਣਾ ਵਿੱਚ ਆਪਣੀ ਜ਼ਮੀਨ ਤੇ 32 ਨਾਜਾਇਜ਼ ਕਬਜ਼ਿਆਂ ਦੀ ਸੂਚੀ ਪ੍ਰਦਾਨ ਕੀਤੀ ਹੈ।

ਡੀ.ਸੀ.ਪੀ. ਜਸਕਿਰਨਜੀਤ ਸਿੰਘ ਤੇਜਾ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਜਨਤਾ ਨੂੰ ਭਰੋਸਾ ਦਿੱਤਾ ਕਿ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖਤਮ ਕੀਤਾ ਜਾਵੇਗਾ। ਡਰੱਗ ਤਸਕਰਾਂ ਨੂੰ ਮਿਸਾਲੀ ਸਜ਼ਾਵਾਂ ਦੁਆਈਆਂ ਜਾਣਗੀਆਂ ਅਤੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਦੀ ਤਸਕਰੀ ਵਿੱਚ ਲੱਗੇ ਲੋਕਾਂ ਲਈ ਕੋਈ ਨਰਮੀ ਨਹੀਂ ਵਰਤੀ ਜਾਵੇਗੀ।

# ਜ਼ਮੀਨ ਦੇ ਇੰਤਕਾਲ ਬਦਲੇ ਰਿਸ਼ਵਤ ਲੈਂਦੇ ਪਟਵਾਰੀ ਨੂੰ ਵਿਜੀਲੈਂਸ ਨੇ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਪਟਵਾਰੀ ਅਮਨਦੀਪ ਸਿੰਘ, ਮਾਲ ਹਲਕਾ ਬੋਹਾ, ਤਹਿਸੀਲ ਬੁਢਲਾਡਾ, ਜਿਲ੍ਹਾ ਮਾਨਸਾ ਨੂੰ 4,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਉਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਵਿਰੁੱਧ ਇਹ ਕੇਸ ਬੋਹਾ ਦੇ ਇੱਕ ਵਿਅਕਤੀ ਦੀ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਸਦੀ ਭੈਣ ਨੇ ਸਾਲ 2023 ਵਿੱਚ 21 ਮਰਲੇ ਜ਼ਮੀਨ ਖਰੀਦ ਕਰਕੇ ਰਜਿਸਟਰੀ ਕਰਵਾ ਲਈ ਸੀ ਪਰੰਤੂ ਇੰਤਕਾਲ ਦਰਜ ਹੋਣਾ ਬਾਕੀ ਸੀ। ਜਦੋਂ ਉਹ ਇਸ ਜਮੀਨ ਦਾ ਇੰਤਕਾਲ ਦਰਜ ਕਰਵਾਉਣ ਲਈ ਉਕਤ ਪਟਵਾਰੀ ਨੂੰ ਮਿਲਿਆ ਤਾਂ ਉਸਨੇ ਜ਼ਮੀਨ ਦਾ ਇੰਤਕਾਲ ਦਰਜ ਕਰਨ ਬਦਲੇ ਉਸ ਕੋਲੋਂ 4,000 ਰੁਪਏ ਬਤੌਰ ਰਿਸ਼ਵਤ ਦੀ ਮੰਗ ਕੀਤੀ ਜਿਸਦੀ ਉਸਨੇ ਆਪਣੇ ਮੋਬਾਇਲ ਵਿੱਚ ਰਿਕਾਰਡਿੰਗ ਕਰ ਲਈ ਸੀ।

ਬੁਲਾਰੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ਾਂ ਦੀ ਮੁੱਢਲੀ ਜਾਂਚ ਉਪਰੰਤ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਇਸ ਸਬੰਧੀ ਉਕਤ ਪਟਵਾਰੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਕੱਦਮੇ ਦੀ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਨੇ ਏਐਸਆਈ ਅਤੇ ਸੀਨੀਅਰ ਸਿਪਾਹੀ ਨੂੰ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਐਤਵਾਰ ਨੂੰ ਬਰਨਾਲਾ ਜ਼ਿਲ੍ਹੇ ਦੇ ਥਾਣਾ ਮਹਿਲ ਕਲਾਂ ਵਿੱਚ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏਐਸਆਈ) ਜੱਗਾ ਸਿੰਘ (ਨੰਬਰ 636/ਬਰਨਾਲਾ) ਅਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ (ਨੰਬਰ 288/ਬਰਨਾਲਾ) ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਪੁਲਿਸ ਮੁਲਾਜ਼ਮਾਂ ਨੂੰ ਬਰਨਾਲਾ ਸ਼ਹਿਰ ਦੀ ਇੱਕ ਔਰਤ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਮਹਿਲ ਕਲਾਂ ਥਾਣੇ ਵਿੱਚ ਇੱਕ ਪੁਲਿਸ ਕੇਸ ਦਰਜ ਹੋਇਆ ਸੀ ਜਿਸ ਵਿੱਚ ਉਸਦੇ ਭਰਾ ਨੂੰ ਬਾਅਦ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਸਨੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਏਐਸਆਈ ਅਤੇ ਸੀਨੀਅਰ ਸਿਪਾਹੀ ਨੇ ਉਸ ਦੇ ਭਰਾ ਦਾ ਮੋਬਾਈਲ ਫੋਨ, ਘੜੀ, ਸੋਨੇ ਦੀ ਚੇਨ ਅਤੇ 10,000 ਰੁਪਏ ਦੀ ਨਕਦੀ ਵਾਪਸ ਕਰਨ ਲਈ ਉਸ ਕੋਲੋਂ ਰਿਸ਼ਵਤ ਦੀ ਮੰਗ ਕੀਤੀ ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਮੌਕੇ ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।



# ਪੰਜਾਬ ਦੇ ਤਹਿਸੀਲਦਾਰਾਂ ਨੇ ਭਲਕੇ 3 ਮਾਰਚ ਨੂੰ ਹੜਤਾਲ ਤੇ ਜਾਣ ਦਾ ਕੀਤਾ ਐਲਾਨ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਭਲਕੇ ਯਾਨੀ 3 ਮਾਰਚ ਨੂੰ ਕਲਮ ਨਹੀਂ ਚਲੇਗੀ। ਜੀ ਹਾਂ ਪੰਜਾਬ ਦੀਆਂ ਸਾਰੀਆਂ ਤਹਿਸੀਲਾ ਚ ਤਹਿਸੀਲਦਾਰਾਂ ਵੱਲੋਂ ਭਲਕੇ ਸਮੂਹਿਕ ਹੜਤਾਲ ਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਦਿੱਤੀ ਗਈ ਹੈ। ਕੱਲ੍ਹ ਤਹਿਸੀਲਾਂ ਚ ਕਿਸੇ ਵੀ ਪ੍ਰਕਾਰ ਦਾ ਕੋਈ ਕੰਮ-ਕਾਜ ਨਹੀਂ ਹੋਵੇਗਾ। ਜਿਸ ਨਾਲ ਆਮ ਲੋਕਾਂ ਨੂੰ ਖੱਜਲ-ਖ਼ੁਆਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਸਰਕਾਰ ਅਤੇ ਵਿਜੀਲੈਂਸ ਵਿਭਾਗ ਦੀ ਕਾਰਵਾਈ ਦੀ ਨਿੰਦਾ ਕਰਦੇ ਹੋਏ ਸਮੂਹਿਕ ਛੁੱਟੀ ਤੇ ਜਾਣ ਦਾ

# ਐਂਟੀ ਡਰੱਗ ਕੈਬਨਿਟ ਸਬ-ਕਮੇਟੀ ਨੇ ਸਰਹੱਦ ਪਾਰ ਤੋਂ ਨਸ਼ਾ ਤਸਕਰੀ ਨਾਲ ਨਜਿੱਠਣ ਲਈ ਐਂਟੀ ਡਰੋਨ ਤਕਨਾਲੋਜੀ ਦੇ ਲਏ

ਚੰਡੀਗੜ੍ਹ, (ਲੋਕ ਬਾਣੀ):ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਦੀ ਅਗਵਾਈ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ, ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਫੈਸਲਾਕੁੰਨ ਜੰਗ ਤਹਿਤ ਪੰਜਾਬ ਪੁਲਿਸ ਨੂੰ ਜਲਦ ਹੀ ਸਰਹੱਦ ਪਾਰ ਤੋਂ ਹੁੰਦੀ ਨਸ਼ਿਆਂ ਦੀ ਤਸਕਰੀ ਨੂੰ ਨੱਥ ਪਾਉਣ ਲਈ ਅਤਿ ਆਧੁਨਿਕ ਐਂਟੀ-ਡਰੋਨ ਤਕਨਾਲੋਜੀ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਇਹ ਐਲਾਨ ਪੰਜਾਬ ਪੁਲਿਸ ਵੱਲੋਂ ਪੀਸੀਏ ਸਟੇਡੀਅਮ, ਮੁੱਲਾਂਪੁਰ ਵਿਖੇ ਕੀਤਾ ਜਿੱਥੇ ਜਨਤਕ ਅਤੇ ਨਿੱਜੀ ਖੇਤਰ ਦੀਆਂ ਤਿੰਨ ਕੰਪਨੀਆਂ ਨੇ ਆਪਣੀਆਂ ਅਤਿ-ਆਧੁਨਿਕ ਐਂਟੀ-ਡਰੋਨ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਅਮਨ ਅਰੋੜਾ, ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਗੌਰਵ ਯਾਦਵ ਅਤੇ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀ ਹਾਜ਼ਰ ਸਨ।



ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਤਿੰਨੋਂ ਕੰਪਨੀਆਂ ਨੇ ਪਾਕਿਸਤਾਨ ਨਾਲ ਲੱਗਦੀ ਚੁਣੌਤੀਪੂਰਨ ਸਰਹੱਦ ਤੇ ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਵਿਸਫੋਟਕਾਂ ਦੀ ਸਰਹੱਦ ਪਾਰੋਂ ਡਰੋਨਾਂ ਰਾਹੀ ਹੋ ਰਹੀ ਤਸਕਰੀ ਨੂੰ ਰੋਕਣ ਲਈ ਤਿਆਰ ਕੀਤੀਆਂ ਗਈਆਂ ਆਪਣੀਆਂ ਆਧੁਨਿਕ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇੰਨ੍ਹਾਂ ਕੰਪਨੀਆਂ ਵੱਲੋਂ ਪ੍ਰਦਰਸ਼ਤ ਕੀਤੀਆਂ ਗਈਆਂ ਐਂਟੀ-ਡ੍ਰੋਨ ਤਕਨਾਲੋਜੀਆਂ ਵਿੱਚ ਪੋਰਟੇਬਲ, ਮੋਬਾਈਲ ਅਤੇ ਸਟੇਸ਼ਨਰੀ ਤਕਨੀਕਾਂ ਸ਼ਾਮਲ ਸਨ ਅਤੇ ਹਰੇਕ ਤਕਨੀਕ ਡਰੋਨ ਨੂੰ ਵੱਖ-ਵੱਖ ਦੂਰੀਆਂ ਤੇ ਵੇਖਣ ਅਤੇ ਰੋਕਣ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਇਹ ਤਕਨਾਲੋਜੀਆਂ ਡਰੋਨ ਨੂੰ ਹਵਾ ਵਿੱਚ ਹੀ ਰੋਕਣ ਅਤੇ ਡੇਗਣ ਲਈ ਇਸ ਤਰਾਂ ਤਿਆਰ ਕੀਤੀਆਂ ਗਈਆਂ ਹਨ ਕਿ ਸਰਹੱਦ ਪਾਰ ਤੋਂ ਡਰੱਗ ਸਪਲਾਈ ਨੂੰ ਤੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਰਾਜ ਸਰਕਾਰ ਵੱਲੋਂ ਵਿੱਢੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਜ਼ਬੂਤ ਕਰੇਗੀ।

ਜਨਤਕ ਜਾਂ ਨਿੱਜੀ ਖੇਤਰ ਤੋਂ ਨਵੀਨਤਮ ਡਰੋਨ ਵਿਰੋਧੀ ਤਕਨਾਲੋਜੀ ਪ੍ਰਾਪਤ ਕਰਨ ਦੀ ਇਜਾਜ਼ਤ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਮਾਹਿਰ ਕੇਂਦਰੀ ਸੁਰੱਖਿਆ ਏਜੰਸੀਆਂ ਨਾਲ ਸਲਾਹ-ਮਸ਼ਵਰਾ ਕਰਕੇ ਜਲਦੀ ਹੀ ਲੋੜੀਂਦੀ ਪ੍ਰਣਾਲੀ ਅਤੇ ਸਾਜੋ-ਸਮਾਨ ਦੀ ਖਰੀਦ ਨੂੰ ਅੰਤਿਮ ਰੂਪ ਦੇਣਗੇ।ਇਸ ਦੌਰਾਨ ਪੱਤਰਕਾਰਾਂ ਦੇ ਸਵਾਲ ਦਾ ਜਵਾਬ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਨਸ਼ਿਆਂ ਅਤੇ ਹਥਿਆਰਾਂ ਦੀ ਸਰਹੱਦ ਪਾਰ ਤੋਂ ਹੋਣ ਵਾਲੀ ਤਸਕਰੀ ਨੂੰ ਰੋਕਣਾ ਕੇਂਦਰ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਕਿਉਂਕਿ ਕੌਮਾਂਤਰੀ ਸਰਹੱਦ ਦੇ ਨਾਲ ਲੱਗਦੇ 50 ਕਿਲੋਮੀਟਰ ਦਾ ਇਲਾਕਾ ਬੀ.ਐਸ.ਐਫ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਪਰ ਹੁਣ ਤੱਕ ਉਨ੍ਹਾਂ ਵੱਲੋਂ ਕੀਤੀਆਂ ਕੋਸ਼ਿਸ਼ਾਂ ਵਿੱਚ 100 ਫੀਸਦੀ ਕਾਮਯਾਬੀ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਸਰਹੱਦ ਪਾਰ ਤੋਂ ਅੱਤਵਾਦ, ਖਾਸ ਕਰਕੇ ਨਾਰਕੋਟੈਰੋਰਿਜ਼ਮ ਦੀਆਂ ਨਾਪਾਕ ਕੋਸ਼ਿਸ਼ਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਸੂਬੇ ਦੀ ਦੂਜੀ ਰੱਖਿਆ ਪੰਕਤੀ ਨੂੰ ਹੋਰ ਮਜ਼ਬੂਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਸੂਬੇ ਨੇ ਨਸ਼ਾ ਤਸਕਰਾਂ ਵਿਰੁੱਧ ਆਰ ਪਾਰ ਦੀ ਲੜਾਈ ਲਈ ਰਣਨੀਤੀ ਤਿਆਰ ਕੀਤੀ ਹੈ ਅਤੇ ਭਰੋਸਾ ਦਿਵਾਇਆ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹੋਂ ਖ਼ਤਮ ਕਰਨ ਦੀ ਇਹ ਮੁਹਿੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੋਚ ਅਨੁਸਾਰ ਚਲਾਈ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਨੇ 20000 ਰੁਪਏ ਰਿਸ਼ਵਤ ਲੈਂਦੇ ਪਟਵਾਰੀ ਤੇ ਉਸਦੇ ਸਾਥੀ ਨੂੰ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਮੰਗਲਵਾਰ ਨੂੰ ਪਟਿਆਲਾ ਜ਼ਿਲ੍ਹੇ ਦੀ ਤਹਿਸੀਲ ਰਾਜਪੁਰਾ ਦੇ ਮਾਲ ਹਲਕਾ ਸ਼ਾਮਦੋ ਵਿਖੇ ਤਾਇਨਾਤ ਪਟਵਾਰੀ ਅਸ਼ੋਕ ਕੁਮਾਰ ਅਤੇ ਉਸਦੇ ਕਾਰਿੰਦੇ ਗੁਰਜੀਤ ਸਿੰਘ ਨੂੰ 20000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਕੇਸ ਪਟਿਆਲਾ ਜ਼ਿਲ੍ਹੇ ਦੇ ਪਿੰਡ ਸ਼ੇਖਪੁਰਾ ਰਾਜਪੂਤਾਂ ਦੇ ਵਸਨੀਕ ਵੱਲੋਂ ਦਰਜ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਪਟਵਾਰੀ ਅਤੇ ਉਸਦੇ ਸਾਥੀ (ਏਜੰਟ) ਨੇ ਸ਼ਿਕਾਇਤਕਰਤਾ ਦੀ ਜ਼ਮੀਨ ਨਾਲ ਸਬੰਧਤ 'ਜਮਾਬੰਦੀ' ਰਿਕਾਰਡ ਵਿੱਚ ਸੋਧ ਕਰਨ ਲਈ 20000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਵਿੱਚ ਦੋਸ਼ਾਂ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਉਕਤ ਮੁਲਜ਼ਮ ਪਟਵਾਰੀ ਅਤੇ ਉਸਦੇ ਕਾਰਿੰਦੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 20000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ, ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਕਮਲਾ ਨਹਿਰੂ ਕਾਲਜ ਦੇ ਵਿਗਿਆਨ ਵਿਭਾਗ ਨੇ ਕੈਲਕੁਲਸ ਪ੍ਰਯੋਗਸ਼ਾਲਾ ਤੇ ਸਫਲ ਵਰਕਸ਼ਾਪ ਦਾ ਆਯੋਜਨ ਕੀਤਾ


ਫਗਵਾੜਾ ( ਸੁਸ਼ੀਲ ਸ਼ਰਮਾ ) ਕਮਲਾ ਨਹਿਰੂ ਕਾਲਜ ਫਾਰ ਵਿਮੈਨ ਦੀ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੇ ਮਾਰਗਦਰਸ਼ਨ ਹੇਠ, ਵਿਗਿਆਨ ਵਿਭਾਗ ਨੇ 4 ਮਾਰਚ 2025 ਨੂੰ ਕੈਲਕੁਲਸ ਪ੍ਰਯੋਗਸ਼ਾਲਾ ਵਿਸ਼ੇ ਤੇ ਗਣਿਤ ਦੀ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਮੁੱਖ ਵਕਤਾ ਵਜੋਂ ਹੰਸ ਰਾਜ ਮਹਿਲਾ ਮਹਾਵਿਦਿਆਲਯ, ਜਲੰਧਰ ਦੀ ਗਣਿਤ ਦੀ ਸਹਾਇਕ ਪ੍ਰੋਫੈਸਰ ਅਤੇ ਮੁਖੀ ਡਾ. ਗਗਨਦੀਪ ਨੇ ਹਿੱਸਾ ਲਿਆ। ਉਨ੍ਹਾਂ ਨੇ ♥39*12 ਦੀ ਵਰਤੋਂ ਕਰਕੇ ਗਣਿਤ ਸਮੱਸਿਆਵਾਂ ਨੂੰ ਹੱਲ ਕਰਨ ਲਈ ਵੱਖ-ਵੱਖ ਕਮਾਂਡਾਂ ਨੂੰ ਸਮਝਾਇਆ ਅਤੇ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਗਿਆਨ ਦਿੱਤਾ। ਉਨ੍ਹਾਂ ਨੇ ਪ੍ਰਾਥਮਿਕ ਫੰਕਸ਼ਨਾਂ, ਬਹੁਪਦਾਂ, 24 ਅਤੇ 34 ਗ੍ਰਾਫ, ਕੋਨਕੋਇਡਸ ਦਾ ਟਰੇਸਿੰਗ, ਸਾਫਟਵੇਅਰ ਦੀ ਵਰਤੋਂ ਕਰਕੇ ਡਰਿਵੇਟਿਵਜ਼ ਬਣਾਉਣ ਦੀ ਪ੍ਰਕਿਰਿਆ ਨੂੰ ਸਮਝਾਇਆ। ਉਨ੍ਹਾਂ ਦੀ ਜਾਣਕਾਰੀ ਭਰੀ ਚਰਚਾ ਨੇ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਲਗਭਗ 50 ਵਿਦਿਆਰਥੀਆਂ ਦੇ ਗਿਆਨ ਨੂੰ ਸਮ੍ਰਿਧ ਕੀਤਾ

ਕਾਲਜ ਪ੍ਰਿੰਸੀਪਲ, ਡਾ. ਸਵਿੰਦਰ ਪਾਲ, ਨੇ ਵਿਦਿਆਰਥੀਆਂ ਅਤੇ ਵਿਗਿਆਨ ਵਿਭਾਗ ਦੇ ਫੈਕਲਟੀ ਮੈਂਬਰਾਂ ਨੂੰ ਇਸ ਪ੍ਰੇਰਕ ਸਮਾਗਮ ਦੇ ਆਯੋਜਨ ਲਈ ਵਧਾਈ ਦਿੱਤੀ ਅਤੇ ਡਾ. ਗਗਨਦੀਪ ਦੁਆਰਾ ਕੀਤੇ ਗਏ ਅਮੂਲ ਯੋਗਦਾਨ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਰਵਾਇਤੀ ਸਿੱਖਣ ਦੇ ਤਰੀਕਿਆਂ ਨਾਲ ਤਕਨਾਲੋਜੀ ਦੇ ਇਕੀਕਰਨ ਦੇ ਮਹੱਤਵ ਤੇ ਜ਼ੋਰ ਦਿੱਤਾ, ਇਹ ਕਹਿੰਦੇ ਹੋਏ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਵਿਦਿਆਰਥੀਆਂ ਦੀਆਂ ਜਟਿਲ ਗਣਿਤੀ ਧਾਰਨਾਵਾਂ ਨੂੰ ਸਮਝਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ








# ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਪੰਜਾਬ ਸਰਕਾਰ ਦੀ ਬੁਖਲਾਹਟ-ਬੈਨੀਪਾਲ,ਚਕੋਹੀ





ਫ਼ਗਵਾੜਾ-ਜੋਧਾਂ (ਸੁਸ਼ੀਲ ਸ਼ਰਮਾ) ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾਈ ਜਥੇਬੰਦਕ ਸਕੱਤਰ ਸਾਥੀ ਰਘਬੀਰ ਸਿੰਘ ਬੈਨੀਪਾਲ ਤੇ ਸੂਬਾਈ ਆਗੂ ਜਗਤਾਰ ਸਿੰਘ ਚਕੋਹੀ ਨੇ ਸਾਂਝੇ ਬਿਆਨ ਰਾਹੀਂ ਜਿੱਥੇ ਪੰਜਾਬ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦੀ ਪੰਜਾਬ ਸਰਕਾਰ ਦੀ ਪੁਲਿਸ ਵੱਲੋਂ ਕੀਤੀਆਂ ਜਾ ਰਹੀਆਂ ਗ੍ਰਿਫ਼ਤਾਰੀਆਂ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਉੱਥੇ ਇਸ ਕਾਰਵਾਈ ਨੂੰ ਪੰਜਾਬ ਸਰਕਾਰ ਦੀ ਬੁਖਲਾਹਟ ਕਰਾਰ ਦਿੰਦਿਆਂ ਕਿਹਾ ਪੰਜਾਬ ਸਰਕਾਰ ਨੇ ਭਾਜਪਾ ਵਾਲੀ ਨੀਤੀ ਅਪਣਾ ਕੇ ਭਾਜਪਾ ਦੀ ਬੀ ਟੀਮ ਹੋਣ ਦਾ ਸਬੂਤ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਮੁੱਖ ਆਗੂਆਂ ਜਿਨ੍ਹਾਂ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਕੋਟਉਮਰਾ,ਜ਼ਿਲ੍ਹਾ ਜਨਰਲ ਸਕੱਤਰ ਹਰਨੇਕ ਸਿੰਘ ਗੁੱਜਰਵਾਲ,ਜ਼ਿਲ੍ਹਾ ਵਿੱਤ ਸਕੱਤਰ ਗੁਰਮੇਲ ਸਿੰਘ ਰੂਮੀ,ਸੂਬਾਈ ਆਗੂ ਲਛਮਣ ਸਿੰਘ ਕੂੰਮਕਲਾਂ ਨੂੰ ਪੁਲਿਸ ਵੱਲੋਂ ਗ੍ਰਿਫ਼ਤਾਰ ਕਰ ਲਿਆ ਹੈ ਤੇ ਹੋਰਨਾਂ ਆਗੂਆਂ ਦੇ ਘਰਾਂ ਤੇ ਪੁਲਿਸ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਟੱਕਰ ਲੈਣ ਵਾਲਾ ਰਾਹ ਅਖ਼ਤਿਆਰ ਕੀਤਾ ਹੈ। ਜਿਹੜਾ ਕਿ ਪੰਜਾਬ ਸਰਕਾਰ ਲਈ ਮੜ੍ਹੀਆਂ ਦਾ ਰਾਹ ਹੈ।

ਉਕਤ ਆਗੂਆਂ ਨੇ ਕਿਹਾ ਲੋਕ ਵਿਰੋਧੀ ਤੇ ਕਿਸਾਨ ਵਿਰੋਧੀ ਨੀਤੀਆਂ ਅਖ਼ਤਿਆਰ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਕਾਰਪੋਰੇਟ ਤੇ ਸਰਮਾਏਦਾਰ ਪੱਖੀ ਸਰਕਾਰ ਨੂੰ ਜਿਥੇ ਪੰਜਾਬ ਲੋਕ ਰਾਜ ਸੱਤਾ ਸੌਂਪ ਕੇ ਠੱਗਿਆ ਹੋਇਆ ਮਹਿਸੂਸ ਕਰ ਰਹੇ ਨੇ ਉੱਥੇ ਆਮ ਆਦਮੀ ਪਾਰਟੀ ਨਾਲ ਜੁੜੇ ਸੂਝਵਾਨ ਤੇ ਉਸਾਰੂ ਸੋਚ ਵਾਲੇ ਵਰਕਰ ਤੇ ਆਗੂ ਪੰਜਾਬ ਸਰਕਾਰ ਦੇ ਮੰਤਰੀਆਂ ਤੇ ਵਿਧਾਇਕਾਂ ਵੱਲੋਂ ਆਏ ਦਿਨ ਕੀਤੀਆਂ ਜਾ ਰਹੀਆਂ ਕਰਤੂਤਾਂ ਕਾਰਨ
ਦੁਖੀ ਤੇ ਸ਼ਰਮਸਾਰ ਹੋ ਰਹੇ ਹਨ ।ਹਰ ਫਰੰਟ ਤੇ ਫੇਲ
ਹੋ ਚੁੱਕੀ ਪੰਜਾਬ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਸੂਬੇ ਦੇ ਲੋਕ ਕਾਹਲ਼ੇ ਹਨ ।

# ਡਿਪਟੀ ਕਮਿਸ਼ਨਰ ਨੇ ਰਜਿਸਟਰੇਸ਼ਨ ਦਾ ਕੰਮ ਪੀ.ਸੀ. ਐਸ. ਅਧਿਕਾਰੀਆਂ ਅਤੇ ਕਾਨੂੰਗੋ ਨੂੰ ਸੌਂਪਿਆ



ਫ਼ਗਵਾੜਾ-ਅੰਮ੍ਰਿਤਸਰ 4 ਮਾਰਚ (ਸੁਸ਼ੀਲ ਸ਼ਰਮਾ) ਜ਼ਿਲ੍ਹੇ ਵਿੱਚ ਸਬ ਰਜਿਸਟਰਾਰ ਵੱਲੋਂ ਸਮੂਹਿਕ ਛੁੱਟੀ ਅਤੇ ਦਫ਼ਤਰਾਂ ਵਿੱਚ ਰਜਿਸਟਰੇਸ਼ਨ ਦਾ ਕੰਮ ਨਾ ਕਰਨ ਕਾਰਨ ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਦਾ ਹੱਲ ਕਰਦੇ ਹੋਏ ਰਜਿਸਟਰਾਰ ਕਮ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਸਮੂਹ ਸਬ ਰਜਿਸਟਰਾਰ ਅਤੇ ਸੰਯੁਕਤ ਸਬ ਰਜਿਸਟਰਾਰ ਵਿੱਚ ਰਜਿਸਟਰੇਸ਼ਨ ਦਾ ਕੰਮ ਐਸ.ਡੀ.ਐਮ.ਪੱਧਰ ਦੇ ਪੀ.ਸੀ.ਐਸ. ਅਧਿਕਾਰੀਆਂ, ਸਹਾਇਕ ਕਮਿਸ਼ਨਰ ਅਤੇ ਕਾਨੂੰਗੋ ਨੂੰ ਸੌਂਪ ਦਿੱਤਾ ਹੈ।

ਜਾਰੀ ਕੀਤੇ ਹੁਕਮਾਂ ਵਿੱਚ ਉਹਨਾਂ ਨੇ ਕਿਹਾ ਕਿ ਲੋਕਾਂ ਨੂੰ ਖੱਜਲਖੁਆਰੀ ਤੋਂ ਬਚਾਉਣ ਲਈ ਅਤੇ ਰਜਿਸਟਰੇਸ਼ਨ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਰਜਿਸਟਰੇਸ਼ਨ ਐਕਟ 1908 ਦੀ ਧਾਰਾ 12 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਇਹ ਕੰਮ ਦਿੱਤੇ ਗਏ ਹਨ। ਉਨਾਂ ਕਿਹਾ ਕਿ ਸਬ ਰਜਿਸਟਰਾਰ ਅੰਮ੍ਰਿਤਸਰ ਇੱਕ ਦਾ ਕੰਮ ਐਸ ਡੀ ਐਮ ਅੰਮ੍ਰਿਤਸਰ ਇੱਕ ਨੂੰ, ਸਬ ਰਜਿਸਟਰਾਰ ਅੰਮ੍ਰਿਤਸਰ ਦੋ ਵਿੱਚ ਰਜਿਸਟਰੇਸ਼ਨ ਦਾ ਕੰਮ ਐਸ.ਡੀ.ਐਮ.ਅੰਮ੍ਰਿਤਸਰ ਦੋ ਨੂੰ, ਸਬ ਰਜਿਸਟਰਾਰ ਅਜਨਾਲਾ ਦਾ ਕੰਮ ਐਸ. ਡੀ.ਐਮ.ਅਜਨਾਲਾ ਨੂੰ, ਸਬ ਰਜਿਸਟਰਾਰ ਬਾਬਾ ਬਕਾਲਾ ਸਾਹਿਬ ਦਾ ਕੰਮ ਐਸਡੀਐਮ ਬਾਬਾ ਬਕਾਲਾ ਸਾਹਿਬ ਨੂੰ ,ਸਬ ਰਜਿਸਟਰਾਰ ਲੋਪੋਕੇ ਦਾ ਕੰਮ ਐਸ.ਡੀ.ਐਮ.ਲੋਪੋਕੇ ਨੂੰ, ਸਬ ਰਜਿਸਟਰਾਰ ਅੰਮ੍ਰਿਤਸਰ ਤਿੰਨ ਦਾ ਕੰਮ ਸਹਾਇਕ ਕਮਿਸ਼ਨਰ ਜਨਰਲ ਅੰਮ੍ਰਿਤਸਰ ਨੂੰ, ਸਬ ਰਜਿਸਟਰਾਰ ਮਜੀਠਾ ਦਾ ਕੰਮ ਸ੍ਰੀ ਸੰਜੀਵ ਦੇਵਗਨ ਸਦਰ ਕਨੂੰਗੋ ਨੂੰ,ਸੰਯੁਕਤ ਸਬ ਰਜਿਸਟਰਾਰ ਰਮਦਾਸ ਦਾ ਕੰਮ ਸ੍ਰੀ ਕਾਰਜ ਸਿੰਘ ਕਾਨੂੰਗੋ ਅਜਨਾਲਾ ਨੂੰ,ਸੰਯੁਕਤ ਸਬ ਰਜਿਸਟਰਾਰ ਰਾਜਾਸਾਂਸੀ ਵਿੱਚ ਰਜਿਸਟਰੇਸ਼ਨ ਦਾ ਕੰਮ ਸ੍ਰੀ ਰਾਜੀਵ ਕੁਮਾਰ ਕਾਨੂੰਗੋ ਨੂੰ, ਸੰਯੁਕਤ ਸਬ ਰਜਿਸਟਰਾਰ ਅਟਾਰੀ ਦਾ ਕੰਮ ਸ੍ਰੀ ਗੁਰਇਕਬਾਲ ਸਿੰਘ ਕਾਨੂੰਗੋ ਨੂੰ,ਸੰਯੁਕਤ ਸਬ ਰਜਿਸਟਰਾਰ ਜੰਡਿਆਲਾ ਗੁਰੂ ਦਾ ਕੰਮ ਸ੍ਰੀ ਰਜੇਸ਼ ਕੁਮਾਰ ਕਾਨੂੰਗੋ ਨੂੰ,ਸੰਯੁਕਤ ਸਬ ਰਜਿਸਟਰਾਰ ਤਰਸਿਕਾ ਦਾ ਕੰਮ ਸ੍ਰੀ ਲਖਵਿੰਦਰ ਸਿੰਘ ਕਾਨੂੰਗੋ ਨੂੰ ਅਤੇ ਸੰਯੁਕਤ ਸਬ ਰਜਿਸਟਰਾਰ ਬਿਆਸ ਵਿੱਚ ਰਜਿਸਟਰੇਸ਼ਨ ਦਾ ਕੰਮ ਸ੍ਰੀ ਰਣਜੀਤ ਸਿੰਘ ਕਾਨੂੰਗੋ ਨੂੰ ਦੇ ਦਿੱਤਾ ਹੈ।

# ਕੰਨ ਤੇ ਸੁਣਨ ਸ਼ਕਤੀ ਦੀ ਦੇਖ ਭਾਲ ਸਾਰਿਆਂ ਲਈ ਜ਼ਰੂਰੀ : ਡਾ. ਰਿਚਾ ਭਾਟੀਆ



ਕਪੂਰਥਲਾ/ ਫਗਵਾੜਾ ( ਸੁਸ਼ੀਲ ਸ਼ਰਮਾ) ਡਾ. ਰਿਚਾ ਭਾਟੀਆ ਦੀ ਅਗਵਾਈ ਵਿਚ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ ਇਸ ਮੌਕੇ ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਰਿਚਾ ਭਾਟੀਆ ਨੇ ਦੱਸਿਆ ਕਿ ਹਰ ਸਾਲ ਮਾਰਚ ਮਹੀਨੇ ਦੇ ਪਹਿਲੇ ਹਫਤੇ ਨੂੰ ਵਿਸ਼ਵ ਹੇਅਰਿੰਗ ਦਿਵਸ ਵਜੋਂ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਬੋਲੇਪਣ ਪ੍ਰਤੀ ਜਾਗਰੂਕ ਕਰਨ ਲਈ ਐਨ.ਪੀ.ਪੀ.ਸੀ.ਡੀ ਪ੍ਰੋਗਰਾਮ ਅਧੀਨ ਜ਼ਿਲੇ ਭਰ ਚ ਮੈਡੀਕਲ ਕੈਂਪ ਤੇ ਜਾਗਰੂਕਤਾ ਸੈਮੀਨਾਰ ਕਰਵਾਏ ਜਾ ਰਹੇ ਹਨ। ਡਾ. ਰਿਚਾ ਭਾਟੀਆ ਨੇ ਦੱਸਿਆ ਕਿ ਕੰਨ ਅਤੇ ਸੁਣਨ ਸ਼ਕਤੀ ਦੀ ਦੇਖ ਭਾਲ ਸਾਰਿਆਂ ਲਈ ਜ਼ਰੂਰੀ । ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਲੋਕ ਇੰਟਰਨੈੱਟ ਤੇ ਸੋਸ਼ਲ ਮੀਡੀਆ ਆਦਿ ਤੇ ਵੀਡੀਓ ਵਗੈਰਾ ਦੇਖ ਕੇ ਆਪ ਇਲਾਜ ਕਰਨ ਲੱਗ ਜਾਂਦੇ ਹਨ ਜਦ ਕਿ ਅਜਿਹਾ ਕਰਨ ਦੀ ਬਜਾਏ ਮਾਹਿਰ ਡਾਕਟਰਾਂ ਨਾਲ ਸੰਪਰਕ ਕਰ ਕੇ ਹੀ ਆਪਣਾ ਇਲਾਜ ਕਰਾਉਣਾ ਚਾਹੀਦਾ ਹੈ। ਬੋਲੇਪਣ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾਕਟਰ ਰਿਚਾ ਭਾਟੀਆ ਨੇ ਦੱਸਿਆ ਕਿ ਕੰਨਾਂ ਵਿੱਚੋਂ ਪੀਕ ਆਉਣਾ, ਕੰਨਾਂ ਵਿਚ ਮੈਲ, ਬਚਪਨ ਦੇ ਰੋਗ ਜਿਵੇਂ ਖਸਰਾ, ਦਿਮਾਗੀ ਬੁਖਾਰ , ਕੰਨਫੇੜੇ ਆਦਿ ਮੁੱਖ ਕਾਰਨ ਹਨ। ਗਰਭ ਦੌਰਾਨ ਸੁਣਨ ਸ਼ਕਤੀ ਨੂੰ ਨੁਕਸਾਨ ਪਹੁੰਚਾਉਣਾ ਵਾਲੀਆਂ ਦਵਾਈਆਂ ਦੀ ਵਰਤੋਂ, ਸਮੇਂ ਤੋਂ ਪਹਿਲਾਂ ਬੱਚੇ ਦਾ ਜਨਮ , ਗਰਭ ਦੌਰਾਨ ਰੁਬੇਲਾ (ਜਰਮਨ ਮੀਜ਼ਲਜ਼) ਦੀ ਬੀਮਾਰੀ । ਕੰਨਾਂ ਦੀ ਦੇਖਭਾਲ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਦੱਸਿਆ ਕਿ ਕੰਨਾਂ ਵਿਚ ਪਾਣੀ ਨਾ ਜਾਣ ਦਿਓ ਅਤੇ ਕਿਸੇ ਵੀ ਤਰ੍ਹਾਂ ਦੀ ਨੁਕੀਲੀ ਚੀਜ਼ ਨਾ ਮਾਰੋ। ਕੰਨਾਂ ਨੂੰ ਹਮੇਸ਼ਾ ਸਾਫ ਅਤੇ ਨਰਮ ਕਪੜੇ ਨਾਲ ਸਾਫ ਕਰੋ, ਗੰਦੇ ਪਾਣੀ ਚ ਨਾ ਤੈਰੋ ਨਾ ਨਹਾਵੋ, ਕੰਨਾਂ ਨੂੰ ਤੇਜ਼ ਆਵਾਜ਼ ਤੋਂ ਬਚਾਵੋ। ਉਨ੍ਹਾਂ ਕਿਹਾ ਕਿ ਕੰਨਾਂ ਦੇ ਦਰਦ ਨੂੰ ਨਜ਼ਰ ਅੰਦਾਜ਼ ਨਹੀਂ ਕਰਨਾ ਚਾਹੀਦਾ ਅਤੇ ਕੰਨਾਂ ਦੀ ਜਾਂਚ ਤੇ ਸਫਾਈ ਨੱਕ, ਕੰਨ ਤੇ ਗਲੇ ਦੇ ਮਾਹਿਰ ਡਾਕਟਰ ਤੋਂ ਹੀ ਕਰਵਾਉਣੀ ਚਾਹੀਦੀ ਹੈ। ਇਸ ਡੀਐਫਪੀਓ, ਡਾ.ਅਸ਼ੋਕ ਕੁਮਾਰ,ਡੀਐਚਓ ਡਾ. ਰਾਜੀਵ ਪਰਾਸ਼ਰ,ਡਿਪਟੀ ਮਾਸ ਮੀਡੀਆ ਅਫਸਰ ਸ਼ਰਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦਿਆਲ ਸਿੰਘ,ਬੀਸੀਸੀ ਕੁਆਰਡੀਨੇਟਰ ਜੋਤੀ ਅਨੰਦ, ਬੀਈਈ ਰਵਿੰਦਰ ਜੱਸਲ ਸਮੇਤ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ

# ਧਰਤੀ ਪੰਜਾਬ ਦੀਏ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਲੋਕ ਅਰਪਣ ਕੀਤਾ ਗਿਆ

ਫਗਵਾੜਾ ( ਸੁਸ਼ੀਲ ਸ਼ਰਮਾ ) ਪੰਜਾਬ ਸਾਹਿਤਕ ਮੰਚ ਜਲੰਧਰ ਜੋ ਕਿ ਕੁਝ ਕੁ ਸਮੇਂ ਤੋਂ ਹੋਂਦ ਵਿੱਚ ਆਇਆ ਹੈ ਅਤੇ ਬਹੁਤ ਹੀ ਥੋੜੇ ਸਮੇਂ ਵਿੱਚ ਸਾਹਿਤ ਦੀ ਸੇਵਾ ਨੂੰ ਬਾਖੂਬੀ ਨਿਭਾ ਕੇ ਬੁਲੰਦੀਆਂ ਨੂੰ ਛੂਹ ਰਿਹਾ ਹੈ,ਵਲੋਂ ਪ੍ਰਸਿੱਧ ਕਵੀ ਸੁਖਦੇਵ ਸਿੰਘ ਗੰਡਵਾਂ ਦਾ ਕਾਵਿ ਸੰਗ੍ਰਹਿ ਧਰਤੀ ਪੰਜਾਬ ਦੀਏ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਲੋਕ ਅਰਪਣ ਕੀਤਾ ਗਿਆ। ਇਸ ਵਿੱਚ ਸ਼ੇਲਿੰਦਰਜੀਤ ਸਿੰਘ ਰਾਜਨ ਮੁੱਖ ਸੰਚਾਲਕ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਮੁੱਖ ਮਹਿਮਾਨ ਅਤੇ ਡਾਕਟਰ ਜਗੀਰ ਸਿੰਘ ਨੂਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦੇ ਸ਼ੁਰੂ ਵਿੱਚ ਮੰਚ ਦੇ ਪ੍ਰਧਾਨ ਕੁਲਵਿੰਦਰ ਸਿੰਘ ਗਾਖਲ ਵੱਲੋਂ ਆਏ ਹੋਏ ਸਾਹਿਤਕਾਰਾਂ ਦਾ ਸਵਾਗਤ ਕੀਤਾ ਗਿਆ ਅਤੇ ਪ੍ਰਧਾਨਗੀ ਮੰਡਲ ਵਿੱਚ ਬਿਰਾਜਮਾਨ ਸ਼ਖਸ਼ੀਅਤਾਂ ਸ਼ੇਲਿੰਦਰਜੀਤ ਸਿੰਘ ਰਾਜਨ, ਡਾ. ਜਗੀਰ ਸਿੰਘ ਨੂਰ, ਦਲਬੀਰ ਸਿੰਘ ਰਿਆੜ, ਜਗਦੀਸ਼ ਰਾਣਾ, ਮਨੋਜ ਫਗਵਾੜਵੀ,ਸੁਖਦੇਵ ਸਿੰਘ ਗੰਡਵਾਂ ਅਤੇ ਅਵਤਾਰ ਸਿੰਘ ਬੈਂਸ ਦੀ ਜਾਣ ਪਛਾਣ ਕਰਵਾਈ ਗਈ। ਮੰਚ ਦੇ ਪ੍ਰਧਾਨ ਕੁਲਵਿੰਦਰ ਸਿੰਘ ਗਾਖਲ ਵੱਲੋਂ ਸੁਖਦੇਵ ਸਿੰਘ ਗੰਢਵਾਂ ਦੇ ਕਾਵਿ ਸੰਗ੍ਰਹਿ ਧਰਤੀ ਪੰਜਾਬ ਦੀਏ ਤੇ ਡਾ. ਜਗੀਰ ਸਿੰਘ ਨੂਰ ਵੱਲੋਂ ਲਿਖਿਆ ਪਰਚਾ ਬਾਖੂਬੀ ਪੜ੍ਹਿਆ ਗਿਆ ਅਤੇ ਇਹ ਕਾਵਿ ਸੰਗ੍ਰਹਿ ਲੋਕ ਅਰਪਣ ਕੀਤਾ ਗਿਆ ਇਸ ਸਮੇਂ ਪ੍ਰਬੰਧ ਕਰਤਾਵਾਂ ਲਾਲੀ ਕਰਤਾਰਪੁਰੀ, ਮਨਜੀਤ ਸਿੰਘ,ਅਮਰ ਸਿੰਘ ਅਮਰ ਤੇ ਸਾਹਿਬਾਂ ਜੀਟਨ ਕੌਰ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਟੇਜ ਸਕੱਤਰ ਦੀ ਭੂਮਿਕਾ ਹਰਜਿੰਦਰ ਸਿੰਘ ਜਿੰਦੀ ਵੱਲੋਂ ਬਾਖੂਬੀ ਨਿਭਾਈ ਗਈ।ਇਸ ਸਮੇਂ ਕਵੀ ਦਰਬਾਰ ਵਿੱਚ ਕਵੀਆਂ ਦਲਜੀਤ ਮਹਿਮੀ,ਡਾ.ਰਕੇਸ਼ ਬਾਲੀ,ਹਰਭਜਨ ਸਿੰਘ ਭਗਰੱਥ, ਤਰਸੇਮ ਜਲੰਧਰੀ,ਪਰਸ਼ੋਤਮ ਲਾਲ ਸਰੋਏ,ਕੇ ਕੇ ਸਾਹਿਬ, ਨਾਨਕ ਚੰਦ,ਗੁਰਦੀਪ ਸਿੰਘ ਸੈਣੀ,ਮਨਜੀਤ ਕੌਰ ਮੀਸ਼ਾ, ਜਰਨੈਲ ਸਿੰਘ ਸਾਖੀ,ਬੀਬਾ ਕੁਲਵੰਤ,ਮਾਧਵੀ ਅਗਰਵਾਲ,ਰੋਹਿਤ ਸਿੱਧੂ,ਅਸ਼ੋਕ ਟਾਂਡੀ, ਪ੍ਰਿੰਸੀਪਲ ਸੁਰਿੰਦਰ ਮੋਹਨ, ਜਸਪਾਲ ਜੀਰਵੀ,ਕੀਮਤੀ ਕੈਸਰ, ਪਰਮਦਾਸ ਹੀਰ,ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ,ਮੱਖਣ ਸਿੰਘ ਭੈਣੀਵਾਲ,ਡਾ. ਰਾਮ ਮੂਰਤੀ, ਮਨਜੀਤ ਸਿੰਘ ਵੱਸੀ,ਭਗਵੰਤ ਸਿੰਘ,ਤਨਜੀਤ ਪਾਲ ਕੌਰ, ਸੁਰਿੰਦਰ ਗੁਲਸ਼ਨ,ਦਲਬੀਰ ਸਿੰਘ ਰਿਆੜ,ਜਗਦੀਸ਼ ਰਾਣਾ,ਮਨਜੀਤ ਸਿੰਘ,ਅਮਰ ਸਿੰਘ ਅਮਰ,ਮਨੋਜ ਫਗਵਾੜਵੀ,ਲਾਲੀ ਕਰਤਾਰਪੁਰੀ,ਹਰਜਿੰਦਰ ਸਿੰਘ ਜਿੰਦੀ, ਸ਼ੇਲਿੰਦਰਜੀਤ ਸਿੰਘ ਰਾਜਨ,ਸੁਖਦੇਵ ਸਿੰਘ ਗੰਡਵਾਂ, ਅਵਤਾਰ ਸਿੰਘ ਬੈਂਸ ਅਤੇ ਕੁਲਵਿੰਦਰ ਸਿੰਘ ਗਾਖਲ ਸਟੇਟ ਅਵਾਰਡੀ ਨੇ ਰਚਨਾਵਾਂ ਰਾਹੀਂ ਹਾਜ਼ਰੀ ਲਵਾਈ।ਅੰਤ ਵਿੱਚ ਆਏ ਹੋਏ ਕਵੀ ਸਾਹਿਬਾਨਾਂ ਨੂੰ ਮੰਚ ਵੱਲੋਂ ਸਨਮਾਨ ਪੱਤਰ ਰਾਹੀਂ ਸਨਮਾਨਿਤ ਕੀਤਾ ਗਿਆ। ਮੰਚ ਦੇ ਚੇਅਰਮੈਨ ਅਵਤਾਰ ਸਿੰਘ ਬੈਂਸ ਅਤੇ ਉਪ ਪ੍ਰਧਾਨ ਸੁਖਦੇਵ ਸਿੰਘ ਗੰਢਵਾਂ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ




# ਆਈ.ਡੀ.ਬੀ.ਆਈ. ਬੈਂਕ ਨੇ ਸਰਕਾਰੀ ਸਕੂਲ ਨੂੰ ਭੇਂਟ ਕੀਤੇ ਵਾਟਰ ਕੂਲਰ ਅਤੇ ਕੰਪਿਊਟਰ



ਫਗਵਾੜਾ ( ਸੁਸ਼ੀਲ ਸ਼ਰਮਾ ) ਆਈ.ਡੀ.ਬੀ.ਆਈ. ਬੈਂਕ ਫਗਵਾੜਾ ਸ਼ਾਖਾ ਵਲੋਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਦੇ ਤੌਰ ਤੇ ਸ਼ਹਿਰ ਦੇ ਸਰਕਾਰੀ ਸਕੂਲਾਂ ਨੂੰ ਵਾਟਰ ਕੂਲਰ ਅਤੇ ਨਿੱਜੀ ਕੰਪਿਊਟਰ ਭੇਂਟ ਕਰਨ ਦਾ ਮਹੱਤਵਪੂਰਣ ਕਦਮ ਚੁੱਕਿਆ ਹੈ। ਵਧੇਰੇ ਜਾਣਕਾਰੀ ਦਿੰਦਿਆਂ ਬ੍ਰਾਂਚ ਹੈੱਡ ਦੀਪਕ ਬੱਤਰਾ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਲਈ ਇੱਕ ਬਿਹਤਰ ਸਿੱਖਣ ਦਾ ਮਾਹੌਲ ਪ੍ਰਦਾਨ ਕਰਨਾ ਅਤੇ ਡਿਜੀਟਲ ਸਿੱਖਿਆ ਤੱਕ ਪਹੁੰਚ ਨੂੰ ਬਿਹਤਰ ਬਣਾਉਣਾ ਹੈ। ਉਹਨਾਂ ਦੱਸਿਆ ਕਿ ਬੈਂਕ ਦੇ ਡੀ.ਜੀ. ਐਮ. ਅਤੇ ਰੀਜਨਲ ਹੈੱਡ ਪ੍ਰਸ਼ਾਂਤ ਸੇਠੀ ਦੀ ਅਗਵਾਈ ਹੇਠ ਸੁਮਿਤ ਗਣੇਸ਼ਮ ਅਤੇ ਖੁਸ਼ਬੂ ਚੋਪੜਾ ਅਧਾਰਿਤ ਟੀਮ ਵਲੋਂ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਸਕੂਲ ਆਫ਼ ਐਮੀਨੈਂਸ ਫਗਵਾੜਾ ਅਤੇ ਪ੍ਰਿੰਸੀਪਲ ਮੀਨੂ ਗੁਪਤਾ ਸਰਕਾਰੀ ਗਰਲਜ਼ ਸੀ. ਸੈ. ਸਕੂਲ ਫਗਵਾੜਾ ਨੂੰ ਵਾਟਰ ਕੂਲਰ ਤੇ ਕੰਪਿਊਟਰ ਭੇਂਟ ਕੀਤੇ ਹਨ। ਇਸ ਮੌਕੇ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਬੈਂਕ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਟਰ ਕੂਲਰ ਜਿੱਥੇ ਸਾਫ਼ ਅਤੇ ਠੰਡੇ ਪੀਣ ਵਾਲੇ ਪਾਣੀ ਦੀ ਪਹੁੰਚ ਨੂੰ ਯਕੀਨੀ ਬਣਾਏਗਾ, ਉੱਥੇ ਹੀ ਵਿਦਿਆਰਥੀਆਂ ਵਿੱਚ ਸਿਹਤ ਅਤੇ ਸਫਾਈ ਨੂੰ ਉਤਸ਼ਾਹਿਤ ਕਰੇਗਾ। ਪ੍ਰਿੰਸੀਪਲ ਮੀਨੂ ਗੁਪਤਾ ਨੇ ਬੈਂਕ ਦਾ ਉਪਰਾਲੇ ਲਈ ਧੰਨਵਾਦ ਕਰਦਿਆਂ ਕਿਹਾ ਕਿ ਕੰਪਿਊਟਰ ਨਾਲ ਵਿਦਿਆਰਥੀਆਂ ਲਈ ਡਿਜੀਟਲ ਸਾਖਰਤਾ ਪ੍ਰਾਪਤ ਕਰਨਾ ਆਸਾਨ ਹੋਵੇਗਾ। ਦੀਪਕ ਬੱਤਰਾ ਨੇ ਭਰੋਸਾ ਦਿੱਤਾ ਕਿ ਅਜਿਹੇ ਉਪਰਾਲੇ ਭਵਿੱਖ ਵਿਚ ਵੀ ਜਾਰੀ ਰਹਿਣਗੇ।

# ਸਰਪੰਚ ਰਿੰਪਲ ਕੁਮਾਰ ਵਜੀਦੋਵਾਲ ਨੇ ਬੀ.ਡੀ.ਪੀ.ਓ. ਦਫਤਰ ‘ਚ ਸਟਾਫ ਦੀਆਂ ਖਾਲੀ ਅਸਾਮੀਆਂ ਭਰਨ ਦੀ ਕੀਤੀ ਮੰਗ

ਫਗਵਾੜਾ ( ਸੁਸ਼ੀਲ ਸ਼ਰਮਾ ) ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਹਲਕੇ ਦੀਆਂ ਸਮੂਹ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਦੌਰਾਨ ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ ਨੇ ਬੀ.ਡੀ.ਪੀ.ਓ. ਦਫਤਰ ਵਿਚ ਸਟਾਫ ਦੀ ਘਾਟ ਦੇ ਚਲਦਿਆਂ ਪੰਚਾਇਤਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨਾਲ ਜਾਣੂ ਕਰਵਾਇਆ। ਸਰਪੰਚ ਰਿੰਪਲ ਕੁਮਾਰ ਨੇ ਜੋਗਿੰਦਰ ਸਿੰਘ ਮਾਨ ਨੂੰ ਦੱਸਿਆ ਕਿ ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਚ ਅਕਾਊਂਟੈਂਟ ਕਲਰਕ ਅਤੇ ਸੰਮਤੀ ਕਲਰਕ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਦਫਤਰ ਵਿਚ 10 ਗ੍ਰਾਮ ਸੇਵਕਾਂ ਦੀਆਂ ਪੋਸਟਾਂ ਵੀ ਖਾਲੀ ਹਨ। ਐਸ. ਈ.ਪੀ.ਓ. ਦੀ ਪੋਸਟ ਵੀ ਖਾਲੀ ਪਈ ਹੈ ਅਤੇ 91 ਪਿੰਡਾਂ ਦੀਆਂ ਪੰਚਾਇਤਾਂ ਲਈ 17 ਪੰਚਾਇਤ ਸਕੱਤਰਾਂ ਦੀ ਜ਼ਰੂਰਤ ਹੈ ਪਰ ਇਸ ਦਫਤਰ ਵਿਚ ਸਿਰਫ ਦੋ ਹੀ ਪੰਚਾਇਤ ਸਕੱਤਰ ਹਨ। ਜਿਸ ਕਰਕੇ ਪਿੰਡਾਂ ਦੇ ਵਿਕਾਸ ਸਬੰਧੀ ਕੰਮ ਕਰਵਾਉਣ ਵਿਚ ਵੱਡੀ ਮੁਸ਼ਕਿਲ ਪੇਸ਼ ਆ ਰਹੀ ਹੈ। ਜੋਗਿੰਦਰ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਵਿਭਾਗ ਦੇ ਅਧਿਕਾਰੀਆਂ ਅਤੇ ਸਰਕਾਰ ਨਾਲ ਰਾਬਤਾ ਕਰਕੇ ਖਾਲੀ ਅਸਾਮੀਆਂ ਨੂੰ ਜਲਦੀ ਭਰਿਆ ਜਾਵੇਗਾ। ਉਹਨਾਂ ਇਹ ਭਰੋਸਾ ਵੀ ਦਿੱਤਾ ਕਿ ਪਿੰਡਾਂ ਦੇ ਵਿਕਾਸ ਵਿਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹਰਨੂਰ ਸਿੰਘ ਮਾਨ ਸਪੋਕਸਪਰਸਨ ਪੰਜਾਬ, ਦਲਜੀਤ ਸਿੰਘ ਰਾਜੂ ਸੀਨੀਅਰ ਆਪ ਆਗੂ, ਅਵਤਾਰ ਸਿੰਘ ਸਾਬਕਾ ਸਰਪੰਚ ਪੰਡਵਾ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਕਸ਼ਮੀਰ ਸਿੰਘ ਲੱਡੂ ਖਲਵਾੜਾ, ਪਿਆਰਾ ਸਿੰਘ ਢੱਡਵਾਲ, ਰਿਟਾ. ਪ੍ਰਿੰਸੀਪਲ, ਜਸਵਿੰਦਰ ਸਿੰਘ ਬੰਗੜ, ਬਲਵਿੰਦਰ ਕੌਰ ਸਰਪੰਚ ਪਲਾਹੀ, ਕਮਲਜੀਤ ਕੁਮਾਰ ਸਰਪੰਚ ਅਮਰੀਕ ਨਗਰੀ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਪਰਮਜੀਤ ਕੌਰ ਸਰਪੰਚ ਬੇਗਮਪੁਰ, ਵਿਜੇ ਕੁਮਾਰ ਸਰਪੰਚ ਢੱਕ ਪੰਡੋਰੀ, ਕੁਲਵੰਤ ਕੌਰ ਸਰਪੰਚ ਢੰਡੋਲੀ ਤੋਂ ਇਲਾਵਾ ਮਨਜੀਤ ਕੁਮਾਰ, ਅਮਰਜੀਤ ਕੌਰ, ਜਸਵੀਰ ਕੌਰ, ਕੁਲਦੀਪ ਕੁਮਾਰ, ਕੁਲਦੀਪ ਕੌਰ, ਸੁਰਿੰਦਰ ਸਿੰਘ, ਕੁਲਵਿੰਦਰ ਕੌਰ, ਗੁਰਬਖਸ਼ ਕੌਰ, ਗੁਰਮੀਤ ਸਿੰਘ, ਨਰਿੰਦਰ ਸਿੰਘ, ਕੁਲਵਿੰਦਰ ਕੌਰ, ਕੁਲਵੰਤ ਕੌਰ ਪਾਂਛਟ, ਅੰਮ੍ਰਿਤਪਾਲ ਸਿੰਘ, ਬਲਜੀਤ ਸਿੰਘ ਜੌਹਲ ਪੰਡਵਾ, ਬਖਸ਼ਿੰਦਰ ਕੌਰ, ਰੇਸ਼ਮੋ ਸੁੰਨੜਾ ਰਾਜਪੂਤਾਂ, ਪੁਰਸ਼ੋਤਮ ਲਾਲ, ਸੁਖਵਿੰਦਰ ਸਿੰਘ, ਬਲਵੀਰ ਕੁਮਾਰ, ਪ੍ਰਕਾਸ਼ ਸਿੰਘ, ਸੁਖਵਿੰਦਰ ਕੌਰ ਆਦਿ ਹਾਜਰ ਸਨ।



# ਅਨੁਰਾਧਾ ਠਾਕੁਰ ਆਨਰੇਰੀ ਪੀਐਚਡੀ ਦੀ ਡਿਗਰੀ ਨਾਲ ਸਨਮਾਨਿਤ




ਚੰਡੀਗੜ੍ਹ (ਲੋਕ ਬਾਣੀ) । ਅਨੁਰਾਧਾ ਠਾਕੁਰ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਦੇਖਦੇ ਹੋਏ, ਇੱਕ ਅਮਰੀਕੀ ਯੂਨੀਵਰਸਿਟੀ ਨੇ ਉਸਨੂੰ ਕੰਪਿਊਟਰ ਐਪਲੀਕੇਸ਼ਨਾਂ ਦੇ ਖੇਤਰ ਵਿੱਚ ਪੀਐਚਡੀ ਦੀ ਆਨਰੇਰੀ ਡਿਗਰੀ ਨਾਲ ਸਨਮਾਨਿਤ ਕੀਤਾ ਹੈ। ਅਨੁਰਾਧਾ ਠਾਕੁਰ ਪਿਛਲੇ 30 ਸਾਲਾਂ ਤੋਂ ਇੱਕ ਸੀਬੀਐਸਈ ਸਕੂਲ ਵਿੱਚ ਇੱਕ ਅਧਿਆਪਕਾ ਅਤੇ ਕੋਆਰਡੀਨੇਟਰ ਵਜੋਂ ਆਪਣੀਆਂ ਕੀਮਤੀ ਸੇਵਾਵਾਂ ਦੇ ਰਹੀ ਹੈ। ਉਨ੍ਹਾਂ ਦੇ ਕੰਮ ਨੂੰ ਦੇਖਦੇ ਹੋਏ, ਯੂਨੀਵਰਸਿਟੀ ਕਮੇਟੀ ਨੇ ਉਨ੍ਹਾਂ ਨੂੰ ਪੀਐਚਡੀ ਦੀ ਆਨਰੇਰੀ ਡਿਗਰੀ ਨਾਲ ਸਨਮਾਨਿਤ ਕੀਤਾ ਹੈ। ਅਨੁਰਾਧਾ ਠਾਕੁਰ ਨੇ ਇਸ ਲਈ ਯੂਨੀਵਰਸਿਟੀ ਦਾ ਧੰਨਵਾਦ ਕੀਤਾ ਹੈ। ਇਹ ਖਿਤਾਬ ਉਨ੍ਹਾਂ ਨੂੰ ਦਿੱਲੀ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਦੌਰਾਨ ਦਿੱਤਾ ਗਿਆ। ਉਹ ਜੀਡੀ ਗੋਇਨਕਾ ਸਕੂਲ, ਮੋਹਾਲੀ ਵਿੱਚ ਕੋਆਰਡੀਨੇਟਰ ਵਜੋਂ ਸੇਵਾ ਨਿਭਾ ਰਹੀ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਸਤਹ ਪਾਣੀ ਦੀ ਲੋੜ ਤੇ ਜੀ.ਐਨ.ਡੀ.ਯੂ ਵਿਖੇ ਕੀਤਾ ਸੈਮੀਨਾਰ ਦਾ ਆਯੋਜਨ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਤਹਿਤ, ਕਾਰਪੋਰੇਸ਼ਨ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਅਨੁਸਾਰ ਅਤੇ ਜੀ.ਐਨ.ਡੀ.ਯੂ ਦੇ ਵਾਈਸ ਚਾਂਸਲਰ ਪ੍ਰੋ.ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਪਾਣੀ ਦੀ ਸਪਲਾਈ ਲਈ ਧਰਤੀ ਹੇਠਲੇ ਪਾਣੀ ਦੀ ਬਜਾਏ ਸਤਹੀ ਪਾਣੀ ਦੀ ਵਰਤੋਂ ਕਰਨ ਦੀ ਜ਼ਰੂਰਤ ਬਾਰੇ ਇੱਕ ਜਾਗਰੂਕਤਾ ਸੈਮੀਨਾਰ ਨਗਰ ਨਿਗਮ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਅਤੇ ਸਕੂਲ ਆਫ਼ ਸੋਸ਼ਲ ਸਾਇੰਸਜ਼ ਵੱਲੋਂ ਜੀਐਨਡੀਯੂ ਵਿੱਖੇ ਆਯੋਜਿਤ ਕੀਤਾ ਗਿਆ। ਲਾਰਸਨ ਐਂਡ ਟੂਬਰੋ ਕੰਪਨੀ ਦੇ ਸਹਿਯੋਗ ਨਾਲ ਆਯੋਜਿਤ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਅੰਮ੍ਰਿਤਸਰ ਬਲਕ ਜਲ ਸਪਲਾਈ ਯੋਜਨਾ ਦੇ ਨਾਲ-ਨਾਲ ਪਾਣੀ ਦੀ ਸੰਭਾਲ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦਾ ਉਦਘਾਟਨ ਸਕੂਲ ਆਫ਼ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ, ਪ੍ਰੋ. ਅੰਜਲੀ ਮਹਿਰਾ ਨੇ ਮਹਿਮਾਨ ਟੀਮ ਅਤੇ ਬੁਲਾਰਿਆਂ ਦਾ ਸਵਾਗਤ ਕੀਤਾ।

ਇਸ ਮੌਕੇ ਰਮਨ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ। ਪੰਜਾਬ ਦੇ ਜਲ ਸਰੋਤ 2022 ਦੀ ਰਿਪੋਰਟ ਅਨੁਸਾਰ, ਸੂਬੇ ਦੇ 153 ਬਲਾਕਾਂ ਵਿੱਚੋਂ 117 ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਦਸ ਬਲਾਕਾਂ ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਕੱਲੇ ਅੰਮ੍ਰਿਤਸਰ ਦੇ ਸ਼ਹਿਰੀ ਖੇਤਰ ਵਿੱਚ ਹੀ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਤਿੰਨ ਸੌ ਪ੍ਰਤੀਸ਼ਤ ਤੋਂ ਵੱਧ ਹੋ ਗਈ ਹੈ। ਜਿਸ ਕਾਰਨ ਸ਼ਹਿਰ ਲੰਬੇ ਸਮੇਂ ਤੱਕ ਪਾਣੀ ਦੀ ਸਪਲਾਈ ਲਈ ਭੂਮੀਗਤ ਪਾਣੀ ਤੇ ਨਿਰਭਰ ਨਹੀਂ ਰਹਿ ਸਕਦਾ। ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਸਰਕਾਰ ਨੇ ਸ਼ਹਿਰ ਵਿੱਚ ਟਿਕਾਊ ਅਤੇ ਸੁਰੱਖਿਅਤ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਸ਼ੁਰੂ ਕੀਤਾ ਹੈ। ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਯੂ.ਬੀ.ਡੀ.ਸੀ ਨਹਿਰ ਦੇ ਪਾਣੀ ਨੂੰ ਸਾਫ਼ ਕਰਕੇ ਸਪਲਾਈ ਕੀਤਾ ਜਾਵੇਗਾ। ਇਸ ਤਹਿਤ, ਵੱਲਾ ਵਿੱਚ 44 ਕਰੋੜ ਲੀਟਰ ਦੀ ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ, 112 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਉਣ ਦੇ ਨਾਲ-ਨਾਲ 51 ਨਵੇਂ ਟੈਂਕ ਬਣਾਏ ਜਾ ਰਹੇ ਹਨ। ਡਾ. ਮੋਨਿਕਾ ਸੱਭਰਵਾਲ ਨੇ ਧਰਤੀ ਹੇਠਲੇ ਪਾਣੀ ਨਾਲੋਂ ਸਤਹੀ ਪਾਣੀ ਦੇ ਸਿਹਤ ਲਾਭਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਅਧੀਨ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੀ ਗੁਣਵੱਤਾ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਆਈ ਐਸ 10500-2012 ਦੇ ਪੱਧਰ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਕੁਝ ਬਦਲਾਅ ਕਰੀਏ ਤਾਂ ਅਸੀਂ ਆਸਾਨੀ ਨਾਲ ਪਾਣੀ ਦੀ ਬਚਤ ਕਰ ਸਕਦੇ ਹਾਂ, ਜਿਵੇਂ ਕਿ ਵਾਸ਼ਿੰਗ ਮਸ਼ੀਨ ਨੂੰ ਪੂਰੀ ਸਮਰੱਥਾ ਨਾਲ ਵਰਤਣਾ, ਨਹਾਉਣ ਲਈ ਸ਼ਾਵਰ ਦੀ ਬਜਾਏ ਬਾਲਟੀ ਦੀ ਵਰਤੋਂ ਕਰਨਾ, ਛੱਤ ਤੇ ਪਾਣੀ ਦੀਆਂ ਟੈਂਕੀਆਂ ਵਿੱਚ ਓਵਰਫਲੋ ਅਲਾਰਮ ਲਗਾਉਣਾ, ਘਰ ਵਿੱਚ ਲੀਕ ਹੋਣ ਵਾਲੀਆਂ ਟੂਟੀਆਂ ਦੀ ਸਮੇਂ ਸਿਰ ਮੁਰੰਮਤ ਕਰਵਾਉਣਾ, ਕਾਰ ਧੋਣ ਲਈ ਸਿੱਧੇ ਪਾਣੀ ਦੀ ਬਜਾਏ ਗਿੱਲੇ ਕੱਪੜੇ ਦੀ ਵਰਤੋਂ ਕਰਨਾ ਆਦਿ। ਅੰਤ ਵਿੱਚ,ਡਾ.ਰਚਨਾ ਸ਼ਰਮਾ ਅਤੇ ਡਾ. ਗੁਰਸ਼ਮਿੰਦਰ ਸਿੰਘ ਬਾਜਵਾ ਨੇ ਸੱਦੇ ਗਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਬਿਕਰਮ ਸਿੰਘ ਬਾਜਵਾ,ਪ੍ਰੋ.ਰਜਿੰਦਰ ਕੌਰ,ਪ੍ਰੋ.ਦਲਬੀਰ ਸਿੰਘ ਸੋਗੀ,ਡਾ.ਮਨਜੋਤ ਕੌਰ,ਡਾ.ਨਿਰਮਲਾ,ਡਾ. ਯੋਗੇਸ਼,ਡਾ.ਦਿਵਜੋਤ ਕੌਰ,ਡਾ.ਨੈਨਸੀ, ਅਸ਼ਵਨੀ ਸ਼ਰਮਾ,ਬੰਨਾਪ੍ਰਿਆ ਆਦਿ ਵੀ ਮੌਜੂਦ ਸਨ।

# ਬਲੱਡ ਬੈਂਕ ਅਤੇ ਚਰਨਜੀਤ ਸਿੰਘ ਬਾਸੀ ਯਾਦਗਰੀ ਟਰੱਸਟ ਵਲੋਂ ਹੋਣਹਾਰ ਵਿਦਿਆਰਥਆਂ ਨੂੰ ਵੰਡੇ 5 ਲੱਖ ਦੇ ਵਜ਼ੀਫ਼ੇ



ਫਗਵਾੜਾ ( ਸੁਸ਼ੀਲ ਸ਼ਰਮਾ ) ਚਰਨਜੀਤ ਸਿੰਘ ਬਾਸੀ ਮੈਮੋਰੀਅਲ ਟਰੱਸਟ ਵਲੋਂ ਸਵ. ਚਰਨਜੀਤ ਸਿੰਘ ਬਾਸੀ ਅਤੇ ਸਵ. ਕੁਲਵਿੰਦਰ ਸਿੰਘ ਬਾਸੀ ਦੀ ਯਾਦ ਵਿਚ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੰਡਣ ਸਬੰਧੀ ਇਕ ਸਮਾਗਮ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਫਗਵਾੜਾ ਸ਼ਹਿਰ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਕੁੱਲ 5 ਲੱਖ ਰੁਪਏ ਦੇ ਵਜੀਫੇ ਭੇਂਟ ਕੀਤੇ ਗਏ। ਇਸ ਸਮਾਗਮ ਦੀ ਪ੍ਰਧਾਨਗੀ ਟਰੱਸਟ ਦੇ ਸਕੱਤਰ ਪ੍ਰੋ: ਜਸਵੰਤ ਸਿੰਘ ਗਡੰਮ, ਕੈਂਬਰਿਜ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਜ਼ੋਰਾਵਰ ਸਿੰਘ, ਬਲੱਡ ਬੈਂਕ ਦੇ ਪ੍ਰਧਾਨ ਅਤੇ ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ, ਹਰਬੰਸ ਲਾਲ ਮੀਤ ਪ੍ਰਧਾਨ ਤੇ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਸਾਂਝੇ ਤੌਰ ਤੇ ਕੀਤੀ। ਵਜੀਫੇ ਪ੍ਰਾਪਤ ਕਰਨ ਵਾਲਿਆਂ ਵਿਚ 13 ਵਿਦਿਅਕ ਸੰਸਥਾਵਾਂ ਦੇ 173 ਵਿਦਿਆਰਥੀਆਂ ਸ਼ਾਮਲ ਸਨ। ਜਿਹਨਾਂ ਦੀ ਚੋਣ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ ਅਤੇ ਕੈਂਬ੍ਰਿਜ ਸਕੂਲ ਦੇ ਐਡਮਿਨਿਸਟ੍ਰੇਟਰ ਅਮਰਜੀਤ ਸਿੰਘ ਅਧਾਰਿਤ ਕਮੇਟੀ ਵਲੋਂ ਕੀਤੀ ਗਈ ਸੀ। ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰੋ: ਜਸਵੰਤ ਸਿੰਘ ਗੰਡਮ ਅਤੇ ਮਲਕੀਅਤ ਸਿੰਘ ਰਘਬੋਤਰਾ ਨੇ ਵਿਦਿਆਰਥੀਆਂ ਨੂੰ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਨ ਅਤੇ ਜੀਵਨ ਵਿਚ ਟੀਚਾ ਮਿੱਥ ਕੇ ਉਸ ਨੂੰ ਹਾਸਲ ਕਰਨ ਲਈ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਉਹਨਾਂ ਨੇ ਵਿਗਿਆਨਕ ਸੋਚ ਵਿਕਸਤ ਕਰਨ ਦੀ ਲੋੜ ਤੇ ਜੋਰ ਦਿੰਦਿਆਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਅਤੇ ਮੋਬਾਇਲ ਫੋਨ ਦੀ ਘੱਟ ਤੋਂ ਘੱਟ ਵਰਤੋਂ ਕਰਨ ਲੀ ਵੀ ਪ੍ਰੇਰਿਆ। ਪ੍ਰੋਫੈਸਰ ਜਸਵੰਤ ਸਿੰਘ ਗੰਡਮ ਨੇ ਵਿਸ਼ਵਾਸ ਦੁਵਾਇਆ ਕਿ ਵਿਦਿਆਰਥੀਆਂ ਨੂੰ ਮਿਥਿਆ ਟੀਚਾ ਪ੍ਰਾਪਤ ਕਰਨ ਲਈ ਟਰੱਸਟ ਵੱਲੋਂ ਹਰ ਸੰਭਵ ਮੱਦਦ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਮਨਜੀਤ ਸਿੰਘ, ਤਾਰਾ ਚੰਦ ਚੁੰਬਰ, ਕ੍ਰਿਸ਼ਨ ਕੁਮਾਰ, ਸ਼ਕਤੀ ਮਹਿੰਦਰੂ, ਮੋਹਨ ਲਾਲ ਤਨੇਜਾ, ਪ੍ਰਿੰਸੀਪਲ ਮੋਨਿਕਾ ਸੱਭਰਵਾਲ ਅਤੇ ਸ਼ਾਲਨੀ ਗਰੁੱਪ ਦੀ ਸੰਚਾਲਕ ਮੋਨਿਕਾ ਸਮੇਤ ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀ ਅਤੇ ਅਧਿਆਪਕ ਹਾਜਰ ਸਨ।

# ਜੋਗਿੰਦਰ ਸਿੰਘ ਮਾਨ ਨੇ ਹਲਕੇ ਦੇ ਸਰਪੰਚਾਂ ਨਾਲ ਬੀ.ਡੀ.ਪੀ.ਓ. ਦਫਤਰ ਵਿਖੇ ਕੀਤੀ ਮੀਟਿੰਗ





ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿਚ ਬੀ.ਡੀ.ਪੀ.ਓ. ਰਾਮਪਾਲ ਰਾਣਾ, ਹਰਨੂਰ ਸਿੰਘ ਮਾਨ ਸਪੋਕਸਪਰਸਨ ਪੰਜਾਬ, ਦਲਜੀਤ ਸਿੰਘ ਰਾਜੂ ਸੀਨੀਅਰ ਆਪ ਆਗੂ ਅਤੇ ਅਵਤਾਰ ਸਿੰਘ ਸਾਬਕਾ ਸਰਪੰਚ ਪੰਡਵਾ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਮੀਟਿੰਗ ਦੌਰਾਨ ਜੋਗਿੰਦਰ ਸਿੰਘ ਮਾਨ ਨੇ ਹਾਜਰੀਨ ਸਰਪੰਚਾਂ ਨੂੰ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਪਿੰਡਾਂ ਵਿਚ ਮਕਾਨਾਂ ਦੀਆਂ ਕੱਚੀਆਂ ਛੱਤਾਂ ਨੂੰ ਬਾਲਿਆਂ ਵਾਲੀਆਂ ਪੱਕੀਆਂ ਕਰਨ ਲਈ 31 ਮਾਰਚ ਤੱਕ ਅਪਲਾਈ ਕੀਤਾ ਜਾ ਸਕਦਾ ਹੈ। ਉਹਨਾਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਵਿਚ ਲੋੜਵੰਦਾਂ ਦੇ ਫਾਰਮ ਭਰਵਾਏ ਜਾਣ ਤਾਂ ਜੋ ਹਰੇਕ ਲੋੜਵੰਦ ਤੱਕ ਸਰਕਾਰੀ ਸਕੀਮ ਦਾ ਲਾਭ ਪਹੁੰਚਾਇਆ ਜਾ ਸਕੇ। ਉਹਨਾਂ ਦੱਸਿਆ ਕਿ ਪਿੰਡਾਂ ਦੇ ਵਿਕਾਸ ਸਬੰਧੀ ਜੋ ਪ੍ਰੋਜਲ ਪ੍ਰਾਪਤ ਹੋਏ ਸਨ, ਉਹ ਮਨਜੂਰੀ ਲਈ ਭੇਜ ਦਿੱਤੇ ਗਏ ਹਨ। ਜਲਦੀ ਹੀ ਲੋੜੀਂਦੀਆਂ ਗ੍ਰਾਂਟਾਂ ਪ੍ਰਾਪਤ ਹੋਣਗੀਆਂ ਜਿਸ ਨਾਲ ਪਿੰਡਾਂ ਦਾ ਵਿਕਾਸ ਕਰਵਾਇਆ ਜਾਵੇਗਾ। ਇਸ ਮੌਕੇ ਸਪੋਕਸਪਰਸਨ ਹਰਨੂਰ ਸਿੰਘ ਮਾਨ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਪੰਚਾਇਤਾਂ ਨੂੰ ਭਰੋਸਾ ਦਿੱਤਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਪੇਂਡੂ ਵਿਕਾਸ ਵਿਚ ਕਿਸੇ ਤਰ੍ਹਾਂ ਦੀ ਕਸਰ ਨਹੀਂ ਛੱਡੇਗੀ। ਅਖੀਰ ਵਿਚ ਬੀ.ਡੀ.ਪੀ.ਓ. ਰਾਮਪਾਲ ਰਾਣਾ ਨੇ ਸਮੂਹ ਹਾਜਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਰਪੰਚਾਂ ਨੂੰ ਭਰੋਸਾ ਦਿੱਤਾ ਕਿ ਕੋਈ ਵੀ ਸਮੱਸਿਆ ਹੋਵੇ ਤਾਂ ਉਹਨਾਂ ਦੇ ਧਿਆਨ ਵਿਚ ਲਿਆਈ ਜਾਵੇ ਤਾਂ ਜੋ ਢੁਕਵਾਂ ਹਲ ਸਮਾਂ ਰਹਿੰਦੇ ਕਰਵਾਇਆ ਜਾ ਸਕੇ। ਇਸ ਮੌਕੇ ਵਰੁਣ ਬੰਗੜ ਸਰਪੰਚ ਚੱਕ ਹਕੀਮ, ਬਚੰਤ ਸਿੰਘ ਸਰਪੰਚ ਡਮੇਲੀ, ਵਿਜੇ ਕੁਮਾਰ ਸਰਪੰਚ ਭਬਿਆਣਾ, ਬਲਵੀਰ ਕੁਮਾਰ ਸਰਪੰਚ ਟਾਂਡਾ ਬਗਾਣਾ, ਗੁਰਸ਼ਿੰਦਰ ਸਿੰਘ ਸਰਪੰਚ ਰਿਹਾਣਾ ਜੱਟਾ, ਰਾਜ ਕਮਲ ਸਰਪੰਚ ਨਰੂੜ, ਪੁਰਸ਼ੋਤਮ ਸਿੰਘ ਸਰਪੰਚ ਵਾਹਦ, ਰਣਜੀਤ ਕੌਰ ਸਰਪੰਚ ਚੈੜ, ਹਰਬੰਸ ਕੌਰ ਸਰਪੰਚ ਬ੍ਰਹਮਪੁਰ, ਗੁਰਮੀਤ ਸਿੰਘ ਲੱਖਪੁਰ ਸਰਪੰਚ, ਪਰਮਜੀਤ ਕੌਰ ਸਰਪੰਚ ਬੇਗਮਪੁਰ, ਮੰਗਤ ਸਿੰਘ ਸੰਗਤਪੁਰ, ਕਰਮ ਸਿੰਘ ਪੰਚ, ਲਖਵਿੰਦਰ ਕੌਰ ਸਰਪੰਚ ਬਬੇਲੀ, ਜੋਗਿੰਦਰ ਕੌਰ ਸਰਪੰਚ ਬੀੜ ਢੰਡੋਲੀ, ਪ੍ਰਕਾਸ਼ ਸਿੰਘ ਸਰਪੰਚ ਰਾਣੀਪੁਰ ਕੰਬੋਆ, ਭੁਪਿੰਦਰ ਸਿੰਘ ਸਰਪੰਚ ਬਹਾਨੀ, ਸੁਨੀਤਾ ਸਰਪੰਚ ਦੁੱਗਾ, ਜਸਪ੍ਰੀਤ ਜੱਸਲ ਸਰਪੰਚ ਖਾਟੀ, ਸਰਬਜੀਤ ਸਿੰਘ ਸਰਪੰਚ ਖੁਰਮਪੁਰ, ਪਵਨਦੀਪ ਕੌਰ ਸਰਪੰਚ ਬਰਨ, ਆਗਿਆਪਾਲ ਸਿੰਘ ਸਰਪੰਚ ਖਲਵਾੜਾ, ਕਸ਼ਮੀਰ ਸਿੰਘ ਖਲਵਾੜਾ, ਸੁਰਿੰਦਰ ਸਿੰਘ ਸਰਪੰਚ ਖਲਵਾੜਾ ਕਲੋਨੀ, ਵਿਜੇ ਕੁਮਾਰ ਸਰਪੰਚ ਢੱਕ ਪਡੋਰੀ, ਸੁਰਿੰਦਰ ਕੌਰ ਸਰਪੰਚ ਫਤਿਹਗੜ੍ਹ, ਸੁਖਵਿੰਦਰ ਕੌਰ ਸਰਪੰਚ ਮਸਤ ਨਗਰ, ਹਰਜਿੰਦਰ ਕੌਰ ਸਰਪੰਚ ਮਾਨ, ਸੁਖਵਿੰਦਰ ਸਿੰਘ ਟੋਨੀ ਸਰਪੰਚ ਉੱਚਾ ਪਿੰਡ, ਅਮਰਜੀਤ ਸਿੰਘ ਟਿਮਾ ਸਰਪੰਚ ਦਰਵੇਸ਼ ਪਿੰਡ, ਮੀਨਾ ਕੁਮਾਰੀ ਸਰਪੰਚ ਕਿਰਪਾਲਪੁਰ, ਰੇਸ਼ਮੋ ਸਰਪੰਚ ਸੁਨੜਾ ਰਾਜਪੂਤਾਂ, ਹਰਦੀਪ ਕੌਰ ਸਰਪੰਚ ਨਿਹਾਲਗੜ੍ਹ, ਅਮਨਦੀਪ ਕੁਮਾਰ ਸਰਪੰਚ ਮੌਲੀ, ਜਿੰਦਰ ਭਾਣੋਕੀ, ਸੁਰਜੀਤ ਕੁਮਾਰ ਸਰਪੰਚ, ਪਰਮਜੀਤ ਕੌਰ ਨੰਗਲ, ਕਿਰਨਾ ਸਰਪੰਚ ਖੇੜਾ, ਰਜਤ ਸਰਪੰਚ ਭੁੱਲਾ ਰਾਈ, ਕੇਸ਼ੀ ਗੰਡਵਾ, ਹੁਕਮ ਸਿੰਘ ਮੇਹਟਾਂ, ਕਿਰਪਾਲ ਸਿੰਘ ਖਲਿਆਣ, ਸਤਨਾਮ ਸਿੰਘ ਸ਼ਾਮਾ ਆਦਿ ਹਾਜਰ ਸਨ।

# ਡਾ. ਰਾਜਨ ਆਈ ਕੇਅਰ ਦੇ ਸਹਿਯੋਗ ਨਾਲ ਲਗਾਇਆ ਅੱਖਾਂ ਦਾ ਫਰੀ ਚੈੱਕਅਪ ਅਤੇ ਆਪ੍ਰੇਸ਼ਨ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ ) ਐਨ.ਆਰ.ਆਈ. ਕੁਲਦੀਪ ਸਿੰਘ (ਜਰਮਨ) ਵੱਲੋਂ ਆਪਣੇ ਪਿਤਾ ਸਵ. ਦੇਸਾ ਸਿੰਘ ਦੀ ਨਿੱਘੀ ਯਾਦ ਵਿੱਚ ਡਾ. ਰਾਜਨ ਆਈ ਕੇਅਰ ਹਸਪਤਾਲ ਫਗਵਾੜਾ ਦੇ ਸਹਿਯੋਗ ਨਾਲ ਪਿੰਡ ਲੜੋਈ (ਜਲੰਧਰ) ਵਿਖੇ ਅੱਖਾਂ ਦਾ ਮੁਫ਼ਤ ਚੈੱਕਅਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 358 ਲੋੜਵੰਦਾਂ ਦੀ ਜਾਂਚ ਕੀਤੀ ਗਈ ਅਤੇ 22 ਲੋੜਵੰਦਾਂ ਦੀਆਂ ਅੱਖਾਂ ਦੀ ਫਰੀ ਸਰਜਰੀ ਕਰਕੇ ਫੋਲਡੇਬਲ ਲੈਨਜ ਪਾਏ ਗਏ। ਇਸ ਤੋਂ ਇਲਾਵਾ 288 ਲੋੜਵੰਦਾਂ ਨੂੰ ਐਨਕਾਂ ਵੰਡੀਆਂ ਗਈਆਂ ਅਤੇ 252 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਡਾ. ਰਾਜਨ ਆਈ ਕੇਅਰ ਹਸਪਤਾਲ ਦੇ ਐਮ.ਡੀ ਡਾ. ਐਸ. ਰਾਜਨ ਨੇ ਮਰੀਜ਼ਾਂ ਨੂੰ ਅੱਖਾਂ ਦੀ ਦੇਖਭਾਲ ਬਾਰੇ ਜਾਣਕਾਰੀ ਦਿੱਤੀ ਅਤੇ ਸਰਜਰੀ ਕਰਵਾਉਣ ਵਾਲੇ ਮਰੀਜ਼ਾਂ ਦੁਆਰਾ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਅੱਖਾਂ ਪਰਮਾਤਮਾ ਦਾ ਇੱਕ ਅਨਮੋਲ ਤੋਹਫ਼ਾ ਹਨ। ਅੱਖਾਂ ਤੋਂ ਬਿਨਾਂ ਦੁਨੀਆਂ ਹਨੇਰੀ ਹੈ। ਇਸ ਲਈ ਅੱਖਾਂ ਦੀ ਸਿਹਤ ਦਾ ਹਮੇਸ਼ਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਜੇਕਰ ਅੱਖਾਂ ਵਿੱਚ ਕੋਈ ਸਮੱਸਿਆ ਮਹਿਸੂਸ ਹੁੰਦੀ ਹੈ, ਤਾਂ ਇਸਨੂੰ ਨਜ਼ਰਅੰਦਾਜ਼ ਨਾ ਕਰਕੇ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਲਈ ਜਾਵੇ। ਅਖੀਰ ਵਿੱਚ ਸਰਪੰਚ ਸੰਦੀਪ ਸਿੰਘ ਮਾਹੀ ਨੇ ਡਾ. ਐਸ. ਰਾਜਨ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸੁਖਜਿੰਦਰ ਸਿੰਘ ਧਾਮੀ, ਅਵਤਾਰ ਸਿੰਘ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਕੁਲਵਿੰਦਰ ਸਿੰਘ, ਹਰਭਜਨ ਸਿੰਘ ਕੈਨੇਡਾ, ਸੁਰਜੀਤ ਕੌਰ ਅਤੇ ਪਿੰਡ ਦੇ ਹੋਰ ਪਤਵੰਤੇ ਵੀ ਮੌਜੂਦ ਸਨ।

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਪੁੱਤਰੀ ਪਾਠਸ਼ਾਲਾ ਨੂੰ ਵਿਦਿਆਰਥਣਾਂ ਲਈ ਖੇਡ ਸਮੱਗਰੀ ਭੇਟ ਕੀਤੀ




ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਅਗਵਾਈ ਹੇਠ ਪੁਤਰੀ ਪਾਠਸ਼ਾਲਾ ਹਦੀਆਬਾਦ ਫਗਵਾੜਾ ਦੀਆਂ ਵਿਦਿਆਰਥਣਾਂ ਨੂੰ ਖੇਡ ਸਮੱਗਰੀ ਭੇਟ ਕੀਤੀ। ਜਿਸਦਾ ਉਦੇਸ਼ ਸਕੂਲੀ ਵਿਦਿਆਰਥਣਾਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਾਉਣਾ ਸੀ। ਇਸ ਦੌਰਾਨ ਲਾਇਨਜ਼ ਇਂਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਨ੍ਹਾਂ ਨੇ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜਿਕ ਕਾਰਜਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਆਪਣੀ ਸਥਾਪਨਾ ਦੇ ਪਹਿਲੇ ਸਾਲ ਵਿੱਚ ਹੀ ਇਸ ਕਲੱਬ ਨੇ ਡਿਸਟ੍ਰਿਕਟ 321-ਡੀ ਦੇ ਮੋਹਰੀ ਕਲੱਬਾਂ ਵਿੱਚ ਆਪਣੀ ਵੱਖਰੀ ਪਛਾਣ ਕਾਇਮ ਕਰ ਲਈ ਹੈ। ਸਕੂਲ ਪ੍ਰਿੰਸੀਪਲ ਰੀਟਾ ਥਾਪਰ ਨੇ ਲਾਇਨਜ਼ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਤੌਰ 'ਤੇ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਯਤਨ ਹੁੰਦੇ ਹਨ ਪਰ ਬਹੁਤ ਘੱਟ ਸੰਸਥਾਵਾਂ ਵਿਦਿਆਰਥਣਾਂ ਲਈ ਅਜਿਹੇ ਸ਼ਲਾਘਾਯੋਗ ਉਪਰਾਲੇ ਕਰਦੀਆਂ ਹਨ। ਇਸ ਪੱਖੋਂ ਕਲੱਬ ਦਾ ਇਹ ਯਤਨ ਬਹੁਤ ਹੀ ਸ਼ਲਾਘਾਯੋਗ ਹੈ। ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਕਲੱਬ ਸਕੱਤਰ ਲਾਇਨ ਦਿਨੇਸ਼ ਖਰਬੰਦਾ ਸਨ। ਸਕੂਲ ਨੂੰ ਭੇਟ ਕੀਤੀ ਸਮੱਗਰੀ ਵਿਚ ਬੈਡਮਿੰਟਨ ਰੈਕੇਟ, ਵਾਲੀਬਾਲ ਅਤੇ ਫੁੱਟਬਾਲ ਆਦਿ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਇਹ ਉਪਰਾਲਾ ਸਕੂਲ ਪੱਧਰ 'ਤੇ ਵਿਦਿਆਰਥਣਾਂ ਦੀ ਖੇਡਾਂ ਵਿੱਚ ਦਿਲਚਸਪੀ ਵਧਾਉਣ ਦੇ ਉਦੇਸ਼ ਨਾਲ ਕੀਤਾ ਜਾ ਰਿਹਾ ਹੈ। ਲਾਇਨ ਸੂਰੀ ਨੇ ਭਰੋਸਾ ਦਿੱਤਾ ਕਿ ਅਜਿਹੇ ਪ੍ਰੋਜੈਕਟ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਕਲੱਬ ਦੇ ਕੈਸ਼ੀਅਰ ਲਾਇਨ ਅਜੈ ਕੁਮਾਰ, ਲਾਇਨ ਧਰਮਪਾਲ ਨਿਸ਼ਚਲ, ਲਾਇਨ ਸ਼ਸ਼ੀ ਕਾਲੀਆ ਅਤੇ ਲਾਇਨ ਤਜਿੰਦਰ ਪਲਾਹਾ ਤੋਂ ਇਲਾਵਾ ਸਕੂਲ ਸਟਾਫ਼ ਸ਼ਮਾ ਪੁਰੀ, ਪੂਨਮ ਮੁਰਗਈ, ਮੋਨਿਕਾ ਸ਼ਰਮਾ, ਰਾਜਵਿੰਦਰ ਸ਼ਰਮਾ ਆਦਿ ਹਾਜਰ ਸਨ।

# ਐਮਪੀ ਸੰਜੀਵ ਅਰੋੜਾ ਨੇ ਸ਼੍ਰੀ ਦੁਰਗਾ ਮਾਤਾ ਮੰਦਿਰ ਅਤੇ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਵਿਖੇ ਮੱਥਾ ਟੇਕਿਆ







ਲੁਧਿਆਣਾ,,( ਸੁਖਚੈਨ ਮਹਿਰਾ, ਨਰੇਸ਼ ਹੰਸ)ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਮੰਗਲਵਾਰ ਨੂੰ ਲੁਧਿਆਣਾ ਦੇ ਜਗਰਾਉਂ ਪੁਲ ਨੇੜੇ ਸ਼੍ਰੀ ਦੁਰਗਾ ਮਾਤਾ ਮੰਦਰ ਵਿਖੇ ਮੱਥਾ ਟੇਕਿਆ। ਉਹ ਦਿੱਲੀ ਤੋਂ ਵਾਪਸ ਆਏ ਸਨ, ਜਿੱਥੇ ਉਹ ਲੁਧਿਆਣਾ (ਪੱਛਮੀ) ਵਿਧਾਨ ਸਭਾ ਸੀਟ ਲਈ ਆਪ ਉਮੀਦਵਾਰ ਵਜੋਂ ਆਪਣੇ ਨਾਮ ਦੇ ਐਲਾਨ ਤੋਂ ਬਾਅਦ ਸੰਸਦੀ ਕੰਮ ਵਿੱਚ ਸ਼ਾਮਲ ਸਨ। ਆਪਣੀ ਫੇਰੀ ਦੌਰਾਨ, ਉਨ੍ਹਾਂ ਨੇ ਮੰਦਰ ਦੇ ਟਰੱਸਟੀਆਂ ਨੂੰ ਕੁਝ ਸੁਝਾਅ ਦਿੱਤੇ ਕਿ ਉਹ ਉੱਥੇ ਪੂਜਾ ਕਰਨ ਆਉਣ ਵਾਲੇ ਸ਼ਰਧਾਲੂਆਂ ਦੀ ਨਵੀਂ ਪੀੜ੍ਹੀ ਨੂੰ ਮੰਦਰ ਵਿੱਚ ਸਥਾਪਿਤ ਹਰੇਕ ਮੂਰਤੀ ਬਾਰੇ ਸੰਖੇਪ ਜਾਣਕਾਰੀ ਪ੍ਰਦਾਨ ਕਰਨ।

ਅਰੋੜਾ ਨੇ ਮੰਦਰ ਕੰਪਲੈਕਸ ਦੇ ਅੰਦਰ ਸਥਿਤ ਸ਼੍ਰੀ ਦੁਰਗਾ ਮਾਤਾ ਮੰਦਰ ਹਸਪਤਾਲ ਦਾ ਵੀ ਦੌਰਾ ਕੀਤਾ। ਉਨ੍ਹਾਂ ਨੇ ਲੋੜਵੰਦ ਮਰੀਜ਼ਾਂ ਨੂੰ ਬਹੁਤ ਹੀ ਮਾਮੂਲੀ ਦਰਾਂ 'ਤੇ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਿਹਤ ਸਹੂਲਤਾਂ ਬਾਰੇ ਵਿਸਥਾਰ ਵਿੱਚ ਪੁੱਛਿਆ। ਇਸ ਮੌਕੇ ਉਨ੍ਹਾਂ ਨੇ ਇਸ ਹਸਪਤਾਲ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਐਮਪੀਐਲਏਡੀ ਫੰਡਾਂ ਵਿੱਚੋਂ 3 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।

ਇਸ ਤੋਂ ਬਾਅਦ, ਉਹ ਲੁਧਿਆਣਾ ਦੇ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਗਏ ਅਤੇ ਮੱਥਾ ਟੇਕਿਆ।

ਅਰੋੜਾ ਨੇ ਲੁਧਿਆਣਾ ਅਤੇ ਲੁਧਿਆਣਾ ਵਾਸੀਆਂ ਦੀ ਭਲਾਈ ਅਤੇ ਖੁਸ਼ਹਾਲੀ ਲਈ ਸ਼੍ਰੀ ਦੁਰਗਾ ਮਾਤਾ ਮੰਦਰ ਅਤੇ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਵਿਖੇ ਅਰਦਾਸ ਕੀਤੀ। ਉਨ੍ਹਾਂ ਨੇ ਲੁਧਿਆਣਾ ਅਤੇ ਸੂਬੇ ਦੇ ਲੋਕਾਂ ਦੀ ਸੇਵਾ ਲਈ ਹੋਰ ਸ਼ਕਤੀ ਦੀ ਵੀ ਅਰਦਾਸ ਕੀਤੀ।

# ਫਗਵਾੜਾ ਪੁਲਿਸ ਨੇ ਪਿੰਡ ਪਲਾਹੀ ਵਿਖੇ ਕਰਵਾਏ ਫੁਟਬਾਲ ਟੂਰਨਾਮੈਂਟ ਦੌਰਾਨ ਨਸ਼ਿਆਂ ਖਿਲਾਫ ਕੀਤਾ ਜਾਗਰੁਕ





ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਹਰਿ ਰਾਇ ਸਾਹਿਬ ਫੁੱਟਬਾਲ ਅਕੈਡਮੀ ਵਲੋਂ ਐਨ.ਆਰ.ਆਈ. ਵੀਰਾਂ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਪਲਾਹੀ ਵਿਖੇ ਕਰਵਾਏ ਮਾਘੀ ਫੁੱਟਬਾਲ ਟੂਰਨਾਮੈਂਟ ਦੌਰਾਨ ਫਗਵਾੜਾ ਪੁਲਿਸ ਵਲੋਂ ਐਸ. ਪੀ. ਰੁਪਿੰਦਰ ਕੌਰ ਭੱਟੀ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਆਮ ਲੋਕਾਂ ਅਤੇ ਖਿਡਾਰੀਆਂ ਨੂੰ ਜਾਗਰੁਕ ਕੀਤਾ ਗਿਆ। ਹਾਜਰੀਨ ਨੂੰ ਸੰਬੋਧਨ ਕਰਦਿਆਂ ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਵਿਚ ਨਸ਼ਿਆਂ ਦੇ ਪੂਰੀ ਤਰ੍ਹਾਂ ਖਾਤਮੇ ਲਈ ਵਚਨਬੱਧ ਹੈ। ਪੁਲਿਸ ਵਲੋਂ ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ 'ਨਸ਼ੇ ਵਿਰੁੱਧ ਯੁੱਧ' ਮੁਹਿਮ ਆਰੰਭੀ ਗਈ ਹੈ। ਉਹਨਾਂ ਖਾਸ ਤੌਰ ਤੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿਚ ਦਿਲਚਸਪੀ ਲੈਣ ਲਈ ਪ੍ਰੇਰਿਤ ਕੀਤਾ। ਨਾਲ ਹੀ ਉਹਨਾਂ ਪਿੰਡਾਂ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਪੁਲਿਸ ਦਾ ਸਹਿਯੋਗ ਕਰਨ। ਪੇਂਡੂ ਇਲਾਕਿਆਂ ਵਿਚ ਜੇਕਰ ਕੋਈ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦਾ ਨਾਮ ਅਤੇ ਪਤਾ ਉਸਦੀ ਮਰਜੀ ਅਨੁਸਾਰ ਗੁਪਤ ਰੱਖਿਆ ਜਾਵੇਗਾ। ਅਕੈਡਮੀ ਦੇ ਪ੍ਰਧਾਨ ਰਵੀ ਪਾਲ ਅਤੇ ਪ੍ਰਬੰਧਕਾਂ ਨੇ ਐਸ.ਪੀ. ਰੁਪਿੰਦਰ ਕੌਰ ਭੱਟੀ ਨੂੰ ਭਰੋਸਾ ਦਿੱਤਾ ਕਿ ਨੌਜਵਾਨਾਂ ਨੂੰ ਸੇਧ ਦੇਣ ਅਤੇ ਨਸ਼ਿਆਂ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਵਿਚ ਪੁਲਿਸ ਦਾ ਸਹਿਯੋਗ ਕੀਤਾ ਜਾਵੇਗਾ। ਉਹਨਾਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸ਼ਨ ਵਲੋਂ ਡਰੱਗ ਮਾਫੀਆ ਖਿਲਾਫ ਸ਼ੁਰੂ ਕੀਤੀ ਜੰਗ ਦੀ ਵੀ ਸ਼ਲਾਘਾ ਕੀਤੀ। ਪ੍ਰਬੰਧਕਾਂ ਵਲੋਂ ਐਸ.ਪੀ. ਰੁਪਿੰਦਰ ਕੌਰ ਭੱਟੀ ਅਤੇ ਟਰੈਫਿਕ ਇੰਚਾਰਜ ਅਮਨ ਕੁਮਾਰ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦਿਆਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਰਿਟਾ. ਪ੍ਰਿੰਸੀਪਲ ਗੁਰਮੀਤ ਪਲਾਹੀ, ਸਨੀ ਬੰਗੜ ਪੰਚ, ਬਲਵਿੰਦਰ ਸਿੰਘ ਫੋਰਮੈਨ, ਭਜਨ ਸਿੰਘ ਸੱਲ੍ਹ, ਸੁਖਵਿੰਦਰ ਸਿੰਘ ਸੱਲ੍ਹ, ਕੁਲਵਿੰਦਰ ਸਿੰਘ ਸੱਲ੍ਹ, ਗੁਰਮੁਖ ਸਿੰਘ ਡੋਲ, ਸੁਰਜਣ ਸਿੰਘ ਤੇ ਨਿਰਮਲ ਸਿੰਘ ਨੰਬਰਦਾਰ, ਸਾਬਕਾ ਸਰਪੰਚ ਦਰਬਾਰਾ ਸਿੰਘ, ਮਦਨ ਲਾਲ ਤੋਂ ਇਲਾਵਾ ਮਹਿੰਦਰ ਸਿੰਘ ਸੱਲ੍ਹ, ਰਾਜਿੰਦਰ ਸਿੰਘ ਆਦਿ ਹਾਜਰ ਸਨ।

# ਕਾਨਪੁਰ ਵਿੱਚ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਦੀ ਸੱਸ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ ਗਈ।

ਕਾਨਪੁਰ(ਸੁਨੀਲ ਬਾਜਪਾਈ) ਸੰਸਾਰ ਵਿੱਚ ਜਨਮ ਅਤੇ ਬਾਅਦ ਵਿੱਚ ਮੌਤ ਦੇ ਦੌਰਾਨ ਸਰੀਰਕ ਸਰੀਰ ਨੂੰ ਤਿਆਗ ਕੇ ਸੂਖਮ ਸਰੀਰ ਵਿੱਚ ਪ੍ਰਵੇਸ਼ ਕਰਨ ਵਾਲੀ ਸਮਾਜ ਸੇਵੀ ਲਕਸ਼ਮੀ ਦੇਵੀ ਨੇ ਇੱਥੇ ਜਨ ਪ੍ਰਤੀਨਿਧਾਂ ਅਤੇ ਭਾਜਪਾ ਦੇ ਆਗੂਆਂ ਅਤੇ ਹੋਰ ਪਤਵੰਤਿਆਂ ਸਮੇਤ ਉਨ੍ਹਾਂ ਦੇ ਤ੍ਰਯੋਦਸ਼ੀ ਸੰਸਕਾਰ ਵਿੱਚ ਭਾਗ ਲੈ ਕੇ ਲਕਸ਼ਮੀ ਦੇਵੀ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ। ਸਾਕੇਤ ਨਗਰ ਦੀ ਰਹਿਣ ਵਾਲੀ ਲਕਸ਼ਮੀ ਦੇਵੀ ਆਪਣੇ ਪਿੱਛੇ ਪੂਰਾ ਪਰਿਵਾਰ ਮਨੀਸ਼ ਸਿੰਘ, ਅਸ਼ੀਸ਼ ਸਿੰਘ ਛੱਡ ਗਈ ਹੈ। ਉਹ ਜ਼ਿਲ੍ਹਾ ਪੰਚਾਇਤ ਪ੍ਰਧਾਨ ਸ੍ਰੀਮਤੀ ਸਵਪਨਿਲ ਵਰੁਣ ਦੀ ਸੱਸ ਵੀ ਸਨ।

ਹਰ ਕਿਸੇ ਦੇ ਸੁੱਖ-ਦੁੱਖ ਵਿੱਚ ਹਮੇਸ਼ਾ ਨਾਲ ਖੜ੍ਹਨ ਵਾਲੇ ਸਾਦੇ ਸੁਭਾਅ ਦੇ ਭਾਜਪਾ ਆਗੂ ਸਵਪਨਿਲ ਵਰੁਣ, ਜ਼ਿਲ੍ਹਾ ਪੰਚਾਇਤ ਪ੍ਰਧਾਨ, ਜ਼ਿਲ੍ਹਾ ਪੰਚਾਇਤ ਪ੍ਰਧਾਨ, ਭਾਜਪਾ ਆਗੂ ਸ ਵ ਪ ਨਿ ਲ ਵਰੁਣ ਦੀ ਮਾਤਾ ਕਮਲ ਰਾਣੀ ਵਰੁਣ, ਘਾਤਮਪੁਰ ਤੋਂ ਦੋ ਵਾਰ ਸੰਸਦ ਮੈਂਬਰ, ਇੱਕ ਵਾਰ ਵਿਧਾਇਕ ਹੋਣ ਦੇ ਨਾਲ-ਨਾਲ ਯੂਪੀ ਸਰਕਾਰ ਵਿੱਚ ਮੰਤਰੀ ਵੀ ਰਹਿ ਚੁੱਕੀ ਹੈ। 2020 ਚ ਕੋਰੋਨਾ ਦੇ ਮਾਮਲੇ ਚ ਦੁਨੀਆ ਦੀ ਸਭ ਤੋਂ ਭਿਆਨਕ ਮਹਾਮਾਰੀ ਕੋਰੋਨਾ ਮਹਾਮਾਰੀ ਨੇ ਉਸ ਨੂੰ ਇਸ ਦੁਨੀਆ ਤੋਂ ਜਾਣ ਲਈ ਮਜਬੂਰ ਕਰ ਦਿੱਤਾ ਸੀ। ਇਸ ਸਮੇਂ ਹਰ ਜਾਤੀ, ਹਰ ਧਰਮ ਅਤੇ ਹਰ ਵਰਗ ਦੇ ਲੋਕਾਂ ਵਿੱਚ ਆਪਣਾ ਦਬਦਬਾ ਰੱਖਣ ਵਾਲੇ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਵੀ ਆਪਣੀ ਮਾਤਾ ਕਮਲ ਰਾਣੀ ਵਰੁਣ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੇ ਹਨ, ਜੋ ਸਮਾਜ ਸੇਵਾ ਅਤੇ ਲੋਕ ਹਿੱਤਾਂ ਦੇ ਮਾਮਲੇ ਵਿੱਚ ਲੋਕਾਂ ਵਿੱਚ ਹਰਮਨ ਪਿਆਰੇ ਸਨ।

ਸ਼ੋਸ਼ਿਤ, ਵੰਚਿਤ ਅਤੇ ਦਲਿਤਾਂ ਦੀ ਭਲਾਈ ਦੇ ਕੰਮਾਂ ਵਿੱਚ ਮੋਹਰੀ ਰਹਿਣ ਵਾਲੇ ਅਤੇ ਜਨਤਕ ਸਮੱਸਿਆਵਾਂ ਪ੍ਰਤੀ ਮੁੱਢ ਤੋਂ ਹੀ ਜੁਝਾਰੂ ਰਵੱਈਏ ਰੱਖਣ ਵਾਲੇ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਦੀ ਸੱਸ ਲਕਸ਼ਮੀ ਦੇਵੀ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਭਾਜਪਾ ਸਮੇਤ ਵੱਖ-ਵੱਖ ਪਾਰਟੀਆਂ ਦੇ ਲੋਕ ਨੁਮਾਇੰਦੇ ਆਗੂ ਠਾਕੁਰ ਐਸ.ਕੇ.ਸਿੰਘ, ਭਾਜਪਾ ਜਥੇਬੰਦੀ ਦੇ ਸੂਬਾ ਪ੍ਰਧਾਨ ਕਨਵੀਨਰ ਮਨੋਹਨ ਸਿੰਘ ਆਦਿ ਸ਼ਾਮਲ ਸਨ ਸ਼ਾ ਤਿਵਾੜੀ, ਰਾਕੇਸ਼ ਸ਼ਰਮਾ, ਆਰ.ਕੇ.ਤਿਵਾਰੀ ਕੇ.ਡੀ.ਤਿਵਾਰੀ ਅਤੇ ਵਿਧਾਨ ਸਭਾ ਸਪੀਕਰ ਸਤੀਸ਼ ਮਹਾਨਾ ਦੇ ਨੁਮਾਇੰਦੇ। ਭਾਜਪਾ ਆਗੂ ਸੁਰਿੰਦਰ ਅਵਸਥੀ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਰਜਿਸਟਰੇਸ਼ਨ ਦਾ ਕੰਮ ਪੀ ਸੀ ਐਸ ਅਧਿਕਾਰੀਆਂ ਅਤੇ ਕਾਨੂੰਗੋ ਨੂੰ ਸੌਂਪਿਆ

ਅੰਮ੍ਰਿਤਸਰ, (ਲੋਕ ਬਾਣੀ)
ਜ਼ਿਲ੍ਹੇ ਵਿੱਚ ਸਬ ਰਜਿਸਟਰਾਰ ਵੱਲੋਂ ਸਮੂਹਿਕ ਛੁੱਟੀ ਅਤੇ ਦਫ਼ਤਰਾਂ ਵਿੱਚ ਰਜਿਸਟਰੇਸ਼ਨ ਦਾ ਕੰਮ ਨਾ ਕਰਨ ਕਾਰਨ ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਦਾ ਹੱਲ ਕਰਦੇ ਹੋਏ ਰਜਿਸਟਰਾਰ ਕਮ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਸਮੂਹ ਸਬ ਰਜਿਸਟਰਾਰ ਅਤੇ ਸੰਯੁਕਤ ਸਬ ਰਜਿਸਟਰਾਰ ਵਿੱਚ ਰਜਿਸਟਰੇਸ਼ਨ ਦਾ ਕੰਮ ਐਸ ਡੀ ਐਮ ਪੱਧਰ ਦੇ ਪੀਸੀਐਸ ਅਧਿਕਾਰੀਆਂ, ਸਹਾਇਕ ਕਮਿਸ਼ਨਰ ਅਤੇ ਕਾਨੂੰਗੋ ਨੂੰ ਸੌਂਪ ਦਿੱਤਾ ਹੈ।



ਜਾਰੀ ਕੀਤੇ ਹੁਕਮਾਂ ਵਿੱਚ ਉਹਨਾਂ ਨੇ ਕਿਹਾ ਕਿ ਲੋਕਾਂ ਨੂੰ ਖੱਜਲਖੁਆਰੀ ਤੋਂ ਬਚਾਉਣ ਲਈ ਅਤੇ ਰਜਿਸਟਰੇਸ਼ਨ ਦਾ ਕੰਮ ਨਿਰਵਿਘਨ ਜਾਰੀ ਰੱਖਣ ਲਈ ਰਜਿਸਟਰੇਸ਼ਨ ਐਕਟ 1908 ਦੀ ਧਾਰਾ 12 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਇਹ ਕੰਮ ਦਿੱਤੇ ਗਏ ਹਨ। ਉਨਾਂ ਕਿਹਾ ਕਿ ਸਬ ਰਜਿਸਟਰਾਰ ਅੰਮ੍ਰਿਤਸਰ ਇੱਕ ਦਾ ਕੰਮ ਐਸ ਡੀ ਐਮ ਅੰਮ੍ਰਿਤਸਰ ਇੱਕ ਨੂੰ, ਸਬ ਰਜਿਸਟਰਾਰ ਅੰਮ੍ਰਿਤਸਰ ਦੋ ਵਿੱਚ ਰਜਿਸਟਰੇਸ਼ਨ ਦਾ ਕੰਮ ਐਸਡੀਐਮ ਅੰਮ੍ਰਿਤਸਰ ਦੋ ਨੂੰ, ਸਬ ਰਜਿਸਟਰਾਰ ਅਜਨਾਲਾ ਦਾ ਕੰਮ ਐਸਡੀਐਮ ਅਜਨਾਲਾ ਨੂੰ, ਸਬ ਰਜਿਸਟਰਾਰ ਬਾਬਾ ਬਕਾਲਾ ਸਾਹਿਬ ਦਾ ਕੰਮ ਐਸਡੀਐਮ ਬਾਬਾ ਬਕਾਲਾ ਸਾਹਿਬ ਨੂੰ , ਸਬ ਰਜਿਸਟਰਾਰ ਲੋਪੋਕੇ ਦਾ ਕੰਮ ਐਸਡੀਐਮ ਲੋਪੋਕੇ ਨੂੰ, ਸਬ ਰਜਿਸਟਰਾਰ ਅੰਮ੍ਰਿਤਸਰ ਤਿੰਨ ਦਾ ਕੰਮ ਸਹਾਇਕ ਕਮਿਸ਼ਨਰ ਜਨਰਲ ਅੰਮ੍ਰਿਤਸਰ ਨੂੰ, ਸਬ ਰਜਿਸਟਰਾਰ ਮਜੀਠਾ ਦਾ ਕੰਮ ਸ੍ਰੀ ਸੰਜੀਵ ਦੇਵਗਨ ਸਦਰ ਕਨੂੰਗੋ ਨੂੰ, ਸੰਯੁਕਤ ਸਬ ਰਜਿਸਟਰਾਰ ਰਮਦਾਸ ਦਾ ਕੰਮ ਸ੍ਰੀ ਕਾਰਜ ਸਿੰਘ ਕਾਨੂੰਗੋ ਅਜਨਾਲਾ ਨੂੰ, ਸੰਯੁਕਤ ਸਬ ਰਜਿਸਟਰਾਰ ਰਾਜਾਸਾਂਸੀ ਵਿੱਚ ਰਜਿਸਟਰੇਸ਼ਨ ਦਾ ਕੰਮ ਸ੍ਰੀ ਰਾਜੀਵ ਕੁਮਾਰ ਕਾਨੂੰਗੋ ਨੂੰ, ਸੰਯੁਕਤ ਸਬ ਰਜਿਸਟਰਾਰ ਅਟਾਰੀ ਦਾ ਕੰਮ ਸ੍ਰੀ ਗੁਰਇਕਬਾਲ ਸਿੰਘ ਕਾਨੂਗੋ ਨੂੰ, ਸੰਯੁਕਤ ਸਬ ਰਜਿਸਟਰਾਰ ਜੰਡਿਆਲਾ ਗੁਰੂ ਦਾ ਕੰਮ ਸ੍ਰੀ ਰਜੇਸ਼ ਕੁਮਾਰ ਕਾਨੂੰਗੋ ਨੂੰ , ਸੰਯੁਕਤ ਸਬ ਰਜਿਸਟਰਾਰ ਤਰਸਿਕਾ ਦਾ ਕੰਮ ਸ੍ਰੀ ਲਖਵਿੰਦਰ ਸਿੰਘ ਕਾਨੂੰਗੋ ਨੂੰ ਅਤੇ ਸੰਯੁਕਤ ਸਬ ਰਜਿਸਟਰਾਰ ਬਿਆਸ ਵਿੱਚ ਰਜਿਸਟਰੇਸ਼ਨ ਦਾ ਕੰਮ ਸ੍ਰੀ ਰਣਜੀਤ ਸਿੰਘ ਕਾਨੂੰਗੋ ਨੂੰ ਦੇ ਦਿੱਤਾ ਹੈ।

# ਐਮਪੀ ਸੰਜੀਵ ਅਰੋੜਾ ਨੇ ਟ੍ਰੈਫਿਕ ਸਬੰਧੀ ਸੀਪੀ ਚਾਹਲ ਨਾਲ ਕੀਤੀ ਮੀਟਿੰਗ; ਟ੍ਰੈਫਿਕ ਸੀਸੀਟੀਵੀ ਕੈਮਰਿਆਂ ਲਈ 10 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ ਕੀਤਾ

ਲੁਧਿਆਣਾ,,( ਸੁਖਚੈਨ ਮਹਿਰਾ )
ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਮੰਗਲਵਾਰ ਨੂੰ ਲੁਧਿਆਣਾ ਪੁਲਿਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਨਾਲ ਮੀਟਿੰਗ ਕੀਤੀ।
ਇਸ ਮੀਟਿੰਗ ਦੌਰਾਨ ਅਰੋੜਾ ਨੇ ਵਾਹਨਾਂ ਦੀ ਵਧਦੀ ਆਵਾਜਾਈ ਦੀਆਂ ਸਮੱਸਿਆਵਾਂ ਤੇ ਚਰਚਾ ਕੀਤੀ। ਉਨ੍ਹਾਂ ਨੇ ਟ੍ਰੈਫਿਕ ਨੂੰ ਹੋਰ ਸੁਚਾਰੂ ਢੰਗ ਨਾਲ ਕੰਟਰੋਲ ਕਰਨ ਅਤੇ ਟ੍ਰੈਫਿਕ ਵਿੰਗ ਵਿੱਚ ਫੋਰਸ ਦੀ ਤਾਇਨਾਤੀ ਵਧਾਉਣ ਦਾ ਸੁਝਾਅ ਦਿੱਤਾ।



ਇਸ ਮੌਕੇ ਅਰੋੜਾ ਨੇ ਸ਼ਹਿਰ ਵਿੱਚ ਹੋਰ ਸੀਸੀਟੀਵੀ ਕੈਮਰੇ ਅਤੇ ਸੜਕ ਡਿਵਾਈਡਰ ਲਗਾਉਣ ਲਈ ਐਮਪੀਐਲਏਡੀ ਤੋਂ 10 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ ਕੀਤਾ।
ਇਸ ਤੋਂ ਇਲਾਵਾ, ਟ੍ਰੈਫਿਕ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਲਈ ਸਟੇਟ ਪੂਲ ਤੋਂ ਵਾਧੂ ਫੋਰਸ ਦੀ ਮੰਗ ਕੀਤੀ ਜਾ ਰਹੀ ਹੈ। ਸਕੂਲ ਸਮੇਂ ਦੌਰਾਨ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।
ਪੁਲਿਸ ਕਮਿਸ਼ਨਰ, ਲੁਧਿਆਣਾ ਨੇ ਕਿਹਾ ਕਿ ਆਵਾਜਾਈ ਨੂੰ ਹੋਰ ਸੁਚਾਰੂ ਬਣਾਉਣ ਲਈ, ਸ਼ਹਿਰ ਦੇ ਅੰਦਰ ਭਾਰੀ ਵਾਹਨਾਂ ਦੀ ਆਵਾਜਾਈ ਲਈ ਸਮਾਂ ਨਿਰਧਾਰਤ ਕੀਤਾ ਗਿਆ ਹੈ। ਲੁਧਿਆਣਾ ਦੇ ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਟ੍ਰੈਫਿਕ ਨੂੰ ਸ਼ਹਿਰ ਦੇ ਜ਼ਿਆਦਾ ਟ੍ਰੈਫਿਕ ਵਾਲੇ ਖੇਤਰਾਂ ਦੀ ਦੁਬਾਰਾ ਜਾਂਚ ਕਰਨ ਅਤੇ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਪ੍ਰਬੰਧਿਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਐਮ:ਪੀ: ਔਜਲਾ ਨੇ ਸ਼ਹਿਰ ਦੀਆਂ ਸਮੱਸਿਆ ਨੂੰ ਲੈ ਕੇ ਜਿਲ੍ਹਾ ਪ੍ਰਸਾਸ਼ਨ ਨਾਲ ਕੀਤੀ ਮੀਟਿੰਗ

ਅੰਮ੍ਰਿਤਸਰ, (ਲੋਕ ਬਾਣੀ)
ਗੁਰਜੀਤ ਸਿੰਘ ਔਜਲਾ ਮੈਂਬਰ ਲੋਕ ਸਭਾ ਨੇ ਅੱਜ ਵਿਕਾਸ ਕੰਮਾਂ ਦਾ ਰੀਵਿਊ ਕਰਨ ਲਈ ਜਿਲ੍ਹਾ ਵਿਕਾਸ ਤੇ ਕੁਆਰਡੀਨੇਸ਼ਨ ਅਤੇ ਮੁਲਾਂਕਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਨਗਰ ਨਿਗਮ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ ਵਿੱਚ ਸਫਾਈ ਦਾ ਸਥਾਈ ਪ੍ਰਬੰਧ ਯਕੀਨੀ ਬਣਾਇਆ ਜਾਵੇ ਅਤੇ ਕੂੜੇ ਦੀ ਸਮੱਸਿਆ ਤੋਂ ਨਿਜਾਤ ਪਾਉਣ ਲਈ ਇਸ ਦਾ ਠੋਸ ਹੱਲ ਕੀਤਾ ਜਾਵੇ। ਔਜਲਾ ਨੇ ਮੀਟਿੰਗ ਦੌਰਾਨ ਸ਼ਹਿਰ ਦੀਆਂ ਵੱਖ ਵਖ ਸਮੱਸਿਆਵਾਂ ਨੂੰ ਜਿਲ੍ਹਾ ਪ੍ਰਸਾਸ਼ਨ ਦੇ ਧਿਆਨ ਵਿੱਚ ਲਿਆਉਂਦੇ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਅਧਾਰ ਤੇ ਕੀਤਾ ਜਾਵੇ।

ਮੈਂਬਰ ਪਾਰਲੀਮੈਂਟ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਸਟਰੀਟ ਲਾਈਟਾਂ ਜੋ ਬੰਦ ਪਈਆਂ ਹਨ ਨੂੰ ਤੁਰੰਤ ਚਾਲੂ ਕੀਤਾ ਜਾਵੇ ਅਤੇ ਸੜਕਾਂ ਤੋਂ ਨਜਾਇਜ ਕਬਜੇ ਹਟਾਏ ਜਾਣ। ਉਨ੍ਹਾਂ ਕਿਹਾ ਕਿ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਰਣਜੀਤ ਐਵੀਨਿਊ ਖੇਤਰ ਵਿੱਚ ਵੱਡੀ ਗਿਣਤੀ ਵਿੱਚ ਨਜਾਇਜ ਰੇਹੜੀਆਂ ਲੱਗੀਆਂ ਹੋਈਆਂ ਹਨ ਨੂੰ ਤੁਰੰਤ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਰਣਜੀਤ ਐਵੀਨਿਊ ਦੇ ਲੋਕਾਂ ਵੱਲੋਂ ਇਹ ਮੁੱਦਾ ਬੜੀ ਜੋਰ ਸ਼ੋਰ ਨਾਲ ਉਠਾਇਆ ਜਾ ਰਿਹਾ ਹੈ ਕਿ ਉਥੇ ਬਣੇ ਕੂੜੇ ਦੇ ਡੰਪ ਕਰਕੇ ਕਾਫੀ ਬਿਮਾਰੀਆਂ ਪੈਦਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਡੰਪ ਨੂੰ ਇਥੇ ਹਟਾਉਣ ਦੇ ਢੁਕਵੇਂ ਪ੍ਰਬੰਧ ਕੀਤੇ ਜਾਣ।

ਔਜਲਾ ਨੇ ਨੈਸ਼ਨਲ ਹਾਈਵੇ ਲਈ ਅਕਵਾਈਰ ਕੀਤੀਆਂ ਜਮੀਨਾਂ ਦਾ ਯੋਗ ਮੁਆਵਜ਼ਾ ਕਿਸਾਨਾਂ ਨੂੰ ਤੁਰੰਤ ਰਲੀਜ ਕਰਨ ਦੀ ਵੀ ਹਦਾਇਤ ਕੀਤੀ ਅਤੇ ਕਿਹਾ ਕਿ ਨੈਸ਼ਨਲ ਹਾਈਵੇ ਦੇ ਚੱਲ ਰਹੇ ਪ੍ਰਾਜੈਕਟਾਂ ਦੇ ਆਲੇ ਦੁਆਲੇ ਸਾਈਨ ਬੋਰਡ ਜ਼ਰੂਰ ਲਗਾਏ ਜਾਣ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ।



ਸ੍ਰ ਔਜਲਾ ਨੇ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਹ ਮੁੰਹਿਮ ਕਾਫੀ ਕਾਰਗਰ ਸਾਬਤ ਹੋਵੇਗੀ ਅਤੇ ਨਸ਼ਾ ਵੇਚਣ ਵਾਲੇ ਪੁਲਿਸ ਦੀ ਗ੍ਰਿਫਤ ਤੋਂ ਬਚ ਨਹੀਂ ਸਕਣਗੇ। ਸ ਔਜਲਾ ਨੇ ਮੀਟਿੰਗ ਦੌਰਾਨ ਨੈਸ਼ਨਲ ਹੈਲਥ ਮਿਸ਼ਨ, ਸਵੱਛ ਭਾਰਤ ਮਿਸ਼ਨ,ਆਜੀਵਕਾ ਮਿਸ਼ਨ, ਪ੍ਰਧਾਨ ਕੌਸ਼ਲ ਵਿਕਾਸ ਯੋਜਨਾ, ਸਾਇਲ ਹੈਲਥ ਕਾਰਡ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ, ਬੇਟੀ ਬਚਾਓ-ਬੇਟੀ ਪੜਾਓ ਅਤੇ ਹੋਰ ਵੱਖ ਵੱਖ ਚੱਲ ਰਹੀਆਂ ਸਕੀਮਾਂ ਦਾ ਜਾਇਜਾ ਵੀ ਲਿਆ।

ਮੀਟਿੰਗ ਦੌਰਾਨ ਵਿਧਾਇਕ ਡਾ: ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਨਗਰ ਨਿਗਮ ਦੇ ਚੱਲ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਨਗਰ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਵਿੱਚ ਜੋ ਵੀ ਪ੍ਰਾਜੈਕਟ ਚੱਲ ਰਹੇ ਹਨ ਉਹ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ ਅਤੇ ਇਨ੍ਹਾਂ ਪ੍ਰਾਜੈਕਟਾਂ ਦੀ ਸਾਰੀ ਜਾਣਕਾਰੀ ਸਾਨੂੰ ਵੀ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਨੇ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਵਿੱਚ ਪੀ:ਸੀ:ਆਰ ਦੀ ਗਸ਼ਤ ਨੂੰ ਵਧਾਇਆ ਜਾਵੇ ਤਾਂ ਜੋ ਸਨੈਚਿੰਗ ਦੇ ਕੇਸਾਂ ਤੇ ਲਗਾਮ ਲਗਾਈ ਜਾ ਸਕੇ।

ਇਸ ਮੌਕੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਕਾਫੀ ਭਰਵਾਂ ਹੁੰਗਾਰਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਲੋਕ ਹੁਣ ਖੁਦ ਨਸ਼ਾ ਤਸਕਰਾਂ ਪ੍ਰਤੀ ਪੁਲਿਸ ਨੂੰ ਜਾਣਕਾਰੀ ਦੇ ਰਹੇ ਹਨ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਅਸੀਂ ਬੀ:ਐਸ:ਐਫ ਨਾਲ ਮਿਲ ਕੇ ਬਾਰਡਰ ਪਾਰ ਤੋਂ ਹੋ ਰਹੀ ਤਸਕਰੀ ਨੂੰ ਰੋਕਣ ਦੇ ਉਪਰਾਲੇ ਕਰ ਰਹੇ ਹਾਂ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਮਿਸ਼ਨਰ ਨਗਰ ਨਿਗਮ ਗੁਲਪ੍ਰੀਤ ਸਿੰਘ ਨੇ ਦੱਸਿਆ ਕਿ ਨਗਰ ਨਿਗਮ ਦੀ ਨਵੀਂ ਬਾਡੀ ਹੋਂਦ ਵਿੱਚ ਆ ਚੁੱਕੀ ਅਤੇ ਅਸੀਂ ਸਮੂਹ ਕੌਂਸਲਰਾਂ ਨਾਲ ਮਿਲ ਕੇ ਸ਼ਹਿਰ ਵਿੱਚ ਬਦਲਾਅ ਲਿਆਉਣ ਲਈ ਵਚਨਬੱਧ ਹਾਂ।

ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਮੇਟੀ ਮੈਂਬਰਾਂ ਵਲੋਂ ਉਠਾਏ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਂਦੇ ਕੰਮਾਂ ਨੂੰ ਨਿਸਚਿਤ ਸਮੇਂ ਵਿੱਚ ਪੂਰੇ ਕਰਵਾਉਣ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਜੋ ਵੀ ਅਧਿਕਾਰੀ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਕਰੇਗਾ ਉਸ ਵਿਰੁੱਧ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪਰਮਜੀਤ ਕੌਰ, ਸਿਵਲ ਸਰਜਨ ਡਾਕਟਰ ਕਿਰਨਦੀਪ ਕੌਰ, ਐਕਸੀਅਨ ਪ੍ਰਦੂਸ਼ਣ ਬੋਰਡ ਸੁਖਦੇਵ ਸਿੰਘ, ਐਸ:ਈ ਨਗਰ ਨਿਗਮ ਸੰਦੀਪ ਸਿੰਘ, ਜਿਲ੍ਹਾ ਮੰਡੀ ਅਫਸਰ ਸ੍ਰ ਅਮਨਦੀਪ ਸਿੰਘ, ਏ:ਡੀ:ਸੀ:ਪੀ ਜਗਜੀਤ ਸਿੰਘ ਵਾਲੀਆ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# 73ਵਾ ਸਾਲਾਨਾ ਜੋੜ ਮੇਲਾ 7,8 ਤੇ 9 ਮਾਰਚ ਨੂੰ ਗੁ:ਬਾਬੇ ਸ਼ਹੀਦਾਂ ਅਜਨੌਦ ਵਿਖੇ



ਲੁਧਿਆਣਾ (ਸੁਖਚੈਨ ਮਹਿਰਾ)ਗੁਰਦੁਆਰਾ ਬਾਬੇ ਸ਼ਹੀਦਾਂ ਦੇ ਪਵਿੱਤਰ ਅਸਥਾਨ ਪਿੰਡ ਅਜਨੌਦ , ਨੇੜੇ ਦੋਰਾਹਾ ਲੁਧਿਆਣਾ ਵਿਖੇ ਸ਼ਹੀਦਾਂ ਦੀ ਯਾਦ ਨੂੰ 73ਵਾ ਸਾਲਾਨਾ ਜੋੜ ਮੇਲਾ 7,8 ਅਤੇ 9 ਮਾਰਚ ਸਮੂਹ ਸਾਧ ਸੰਗਤ, ਗ੍ਰਾਮ ਪੰਚਾਇਤ, ਇਲਾਕਾ ਨਿਵਾਸੀ ਅਤੇ ਗੁ; ਪ੍ਰਬੰਧਕ ਕਮੇਟੀ ਪਿੰਡ ਅਜਨੌਦ ਵੱਲੋਂ ਮਨਾਇਆ ਜਾ ਰਿਹਾ ਹੈ। ਇਸ ਸਮੇਂ ਸੁਖਜਿੰਦਰ ਸਿੰਘ ਸੁੱਖੀ ਅਜਨੌਦ ਸੇਵਾਦਾਰ ਗੁ; ਬਾਬੇ ਸ਼ਹੀਦਾਂ ਅਜਨੌਦ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 7 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਤੇ 9 ਤਰੀਕ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰ ਜੱਥੇ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋਂ 9 ਮਾਰਚ ਨੂੰ ਮਨੁੱਖਤਾ ਦੇ ਭਲੇ ਲਈ ਮਹਾਨ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਗੁ: ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨੂੰ ਲੈ ਕੇ ਜਾਣ ਤੇ ਛੱਡਣ ਦਾ ਖਾਸ ਪ੍ਰਬੰਧ ਹੈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਅਥਰਵ ਅਵਾਰਡ ਆਫ਼ ਐਕਸੀਲੈਂਸ 1 ਜੂਨ ਨੂੰ



ਪਟਿਆਲਾ: (ਲੋਕ ਬਾਣੀ) ਅਥਰਵ ਐਵਾਰਡਜ਼ ਆਫ ਐਕਸੀਲੈਂਸ 1 ਜੂਨ ਨੂੰ ਆਯੋਜਿਤ ਕੀਤਾ ਜਾਵੇਗਾ। ਇਹ ਵੱਕਾਰੀ ਪੁਰਸਕਾਰ ਪ੍ਰੋਗਰਾਮ ਭਾਰਤ ਭਰ ਦੇ ਉੱਤਮ ਅੰਡਰਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਪੀਐਚਡੀ ਖੋਜਕਰਤਾਵਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਤੇ ਮਾਨਤਾ ਦੇਵੇਗਾ।

ਅਥਰਵ ਗਰੁੱਪ ਆਫ਼ ਇੰਸਟੀਚਿਊਟਸ ਦੇ ਕਾਰਜਕਾਰੀ ਚੇਅਰਮੈਨ ਸੁਨੀਲ ਨੇ ਕਿਹਾ ਕਿ ਖੋਜ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਨਮਾਨਿਤ ਕਰਕੇ ਅਸੀਂ ਭਾਰਤ ਦੇ ਨੌਜਵਾਨ ਖੋਜਕਰਤਾਵਾਂ ਦੀ ਬੁੱਧੀ, ਸਮਰੱਥਾ, ਕੁਸ਼ਲਤਾ, ਪ੍ਰਤਿਭਾ ਅਤੇ ਬੌਧਿਕ ਸ਼ਕਤੀ ਨੂੰ ਉਜਾਗਰ ਕਰਨਾ ਚਾਹੁੰਦੇ ਹਾਂ।

ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਉੱਤਮਤਾ ਦਾ ਸਨਮਾਨ ਕਰਨ ਦੇ ਮਿਸ਼ਨ ਦੇ ਨਾਲ, ਇਹ ਪੁਰਸਕਾਰ ਰੋਬੋਟਿਕਸ, ਪੁਲਾੜ ਖੋਜ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਬੇਮਿਸਾਲ ਯੋਗਦਾਨਾਂ ਦਾ ਸਨਮਾਨ ਕਰੇਗਾ।

ਹਰੇਕ ਵਰਗ ਵਿੱਚ ਇੱਕ ਪੁਰਸ਼ ਅਤੇ ਇੱਕ ਮਹਿਲਾ ਜੇਤੂ ਚੁਣਿਆ ਜਾਵੇਗਾ, ਜਿਸਨੂੰ ਇੱਕ ਟਰਾਫੀ ਅਤੇ 50,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਇੰਜੀਨੀਅਰਿੰਗ ਖੇਤਰ ਵਿੱਚ ਸਭ ਤੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ, ਉਤਸ਼ਾਹਿਤ ਕਰਨਾ ਅਤੇ ਇਨਾਮ ਦੇਣਾ ਹੈ।

ਇਹ ਸਮਾਗਮ ਪ੍ਰਮੁੱਖ ਅਕਾਦਮਿਕ, ਖੋਜਕਰਤਾਵਾਂ, ਉਦਯੋਗ ਮਾਹਿਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਲਿਆਏਗਾ, ਜਿਸ ਨਾਲ ਇਹ ਭਾਰਤ ਦੀ ਸਿੱਖਿਆ ਅਤੇ ਖੋਜ ਦੇ ਲੈਂਡਸਕੇਪ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ।

ਇਹ ਪੁਰਸਕਾਰ ਨਵੀਨਤਾ ਨੂੰ ਮਾਨਤਾ ਦੇਣ ਦੇ ਨਾਲ-ਨਾਲ ਭਵਿੱਖ ਦੀ ਤਰੱਕੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ, ਤਾਂ ਜੋ ਭਾਰਤ ਦੀ ਨੌਜਵਾਨ ਪ੍ਰਤਿਭਾ ਨੂੰ ਸਮਰਥਨ ਅਤੇ ਮਾਨਤਾ ਮਿਲ ਸਕੇ ਜਿਸ ਦੇ ਉਹ ਹੱਕਦਾਰ ਹਨ।

ਅਵਾਰਡਾਂ ਦਾ ਸ਼ਾਨਦਾਰ ਸਮਾਗਮ ਭਾਰਤ ਭਰ ਦੇ ਖੋਜਕਰਤਾਵਾਂ ਅਤੇ ਖੋਜਕਾਰਾਂ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਿੱਖਿਆ ਸ਼ਾਸਤਰੀਆਂ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗਾ।

# ਸੈਮਕੋ ਨੇ ਲਾਰਜ ਕੈਪ ਫੰਡ ਲਈ ਐਨਐਫਓ ਕੀਤਾ ਲਾਂਚ

ਲੁਧਿਆਣਾ (ਲੋਕ ਬਾਣੀ)- ਸੈਮਕੋ ਐਸੇਟ ਮੈਨੇਜਮੈਂਟ ਪ੍ਰਾਈਵੇਟ ਲਿਮਿਟੇਡ ਨੇ ਸੈਮਕੋ ਲਾਰਜ ਕੈਪ ਫੰਡ ਲਈ ਨਿਊ ਫੰਡ ਆਫਰ (ਐਨਐਫਓ) ਲਾਂਚ ਕੀਤਾ ਹੈ, ਜੋ ਕਿ ਇੱਕ ਓਪਨ-ਐਂਡਿਡ ਇਕਵਿਟੀ ਸਕੀਮ ਹੈ ਜੋ ਲਾਰਜ ਕੈਪ ਸ਼ੇਅਰਾਂ ਵਿੱਚ ਨਿਵੇਸ਼ ਕਰਨ ਤੇ ਕੇਂਦਰਤ ਹੈ। ਐਨਐਫਓ 5 ਮਾਰਚ 2025 ਤੋਂ 19 ਮਾਰਚ 2025 ਤੱਕ ਖੁੱਲਾ ਰਹੇਗਾ। ਫੰਡ ਦਾ ਲਕਸ਼ ਸੈਮਕੋ ਦੇ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਂਦੇ ਹੋਏ 100 ਸਭ ਤੋਂ ਵੱਡੀਆਂ ਲਾਰਜ-ਕੈਪ ਕੰਪਨੀਆਂ ਦਾ ਵਿਵਿਧ ਪੋਰਟਫੋਲਿਓ ਤਿਆਰ ਕਰਨਾ ਅਤੇ ਲੰਬੇ ਸਮੇਂ ਵਿੱਚ ਨਿਵੇਸ਼ ਤੇ ਵਧੀਆ ਵਾਪਸੀ ਪ੍ਰਦਾਨ ਕਰਨੀ ਹੈ। ਉੱਚ-ਗੁਣਵੱਤਾ ਅਤੇ ਵਿਕਾਸ-ਕੇਂਦਰਤ ਮੌਕੇ ਖੋਜਣ ਲਈ ਮੋਮੈਂਟਮ ਸਟ੍ਰੈਟਜੀ ਦੀ ਵਰਤੋਂ ਕੀਤੀ ਜਾਵੇਗੀ।

ਲਾਰਜ-ਕੈਪ ਸੈਗਮੈਂਟ ਇੱਕ ਪਸੰਦੀਦਾ ਨਿਵੇਸ਼ ਵਿਕਲਪ ਬਣਿਆ ਹੋਇਆ ਹੈ, ਜੋ ਕਿ ਬਾਜ਼ਾਰ ਵਿੱਚ ਉਤਾਰ-ਚੜ੍ਹਾਅ ਦੇ ਦੌਰਾਨ ਸਥਿਰਤਾ ਅਤੇ ਨਿਰੰਤਰ ਵਾਪਸੀ ਦਿੰਦਾ ਹੈ। ਭਾਰਤ ਦੀ ਅਰਥਵਿਵਸਥਾ ਵਿਕਾਸ ਦੇ ਮਾਰਗ ਤੇ ਹੈ, ਅਤੇ ਲਾਰਜ-ਕੈਪ ਫੰਡਾਂ ਨੇ ਮਜ਼ਬੂਤੀ ਦਿਖਾਈ ਹੈ, ਜੋ ਕਿ ਢਰਾਬੰਦ ਆਧਾਰਭੂਤ ਨੀਤੀਆਂ ਵਾਲੀਆਂ ਸਥਾਪਿਤ ਕੰਪਨੀਆਂ ਦੁਆਰਾ ਸਮਰਥਿਤ ਹਨ। ਨਿਵੇਸ਼ਕ ਆਪਣੇ ਜੋਖਮ ਅਤੇ ਇਨਾਮ ਨੂੰ ਸੰਤੁਲਿਤ ਕਰਨਾ ਚਾਹੁੰਦੇ ਹਨ। ਇੱਕ ਵਧੀਆ ਢੰਗ ਨਾਲ ਬਣਾਇਆ ਗਿਆ ਲਾਰਜ-ਕੈਪ ਪੋਰਟਫੋਲਿਓ ਲੰਬੇ ਸਮੇਂ ਲਈ ਧਨ-ਸੰਚਯ ਦਾ ਇੱਕ ਮਹੱਤਵਪੂਰਨ ਹਿੱਸਾ ਬਣਿਆ ਰਹਿੰਦਾ ਹੈ।

ਸੈਮਕੋ ਲਾਰਜ ਕੈਪ ਫੰਡ ਨੂੰ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਣ ਲਈ ਡਿਜ਼ਾਈਨ ਕੀਤਾ ਗਿਆ ਹੈ, ਜੋ ਕਿ ਬਜ਼ਾਰ ਦੇ ਪ੍ਰਦਰਸ਼ਨ ਸੰਕੇਤਕਾਂ ਦੇ ਆਧਾਰ ਤੇ ਗਤੀਸ਼ੀਲ ਤਰੀਕੇ ਨਾਲ ਸ਼ੇਅਰ ਚੁਣਦਾ ਹੈ। ਇਹ ਫੰਡ ਲਾਰਜ-ਕੈਪ ਇਕਵਿਟੀ ਵਿੱਚ ਘੱਟੋ-ਘੱਟ 80 ਫੀਸਦੀ ਐਕਸਪੋਜ਼ਰ ਨਾਲ ਸਭ ਤੋਂ ਵੱਧ ਐਸੈਟ ਐਲੋਕੇਸ਼ਨ ਯਕੀਨੀ ਬਣਾਉਂਦਾ ਹੈ, ਜਿਸ ਨਾਲ ਨਿਵੇਸ਼ਕਾਂ ਨੂੰ ਵਧੀਆ ਠੋਸ ਅਤੇ ਮੂਲ ਤੌਰ ਤੇ ਮਜ਼ਬੂਤ ਵਿਅਪਾਰਾਂ ਤੱਕ ਪਹੁੰਚ ਮਿਲਦੀ ਹੈ। ਮਾਰਕੀਟ ਦੀ ਅਸਥਿਰਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਲਈ, ਇਹ ਫੰਡ ਨਿਵੇਸ਼ਕ ਪੂੰਜੀ ਦੀ ਸੁਰੱਖਿਆ ਲਈ ਸਾਮਰਥਕ ਹੇਜਿੰਗ ਅਤੇ ਡੈਰੀਵੇਟਿਵ ਰਣਨੀਤੀਆਂ ਨੂੰ ਸ਼ਾਮਲ ਕਰਦਾ ਹੈ।

ਲਾਂਚ ਮੌਕੇ, ਸੈਮਕੋ ਐਸੈਟ ਮੈਨੇਜਮੈਂਟ ਪ੍ਰਾਈਵੇਟ ਲਿਮਿਟਡ ਦੇ ਸੀ.ਈ.ਓ. ਵਿਰਾਜ ਗਾਂਧੀ ਨੇ ਕਿਹਾ ਕਿ ਮੌਜੂਦਾ ਬਜ਼ਾਰ ਹਾਲਾਤਾਂ ਵਿੱਚ ਭਾਰਤ ਵਿੱਚ ਲਾਰਜ-ਕੈਪ ਸ਼ੇਅਰਾਂ ਦੀ ਕੀਮਤ ਮਿੱਡ ਅਤੇ ਸਮਾਲ ਕੈਪ ਦੀ ਤੁਲਨਾ ਵਿੱਚ ਆਕਰਸ਼ਕ ਹੋ ਗਈ ਹੈ, ਜੋ ਕਿ ਇੱਕ ਵਧੀਆ ਨਿਵੇਸ਼ ਮੌਕਾ ਪੇਸ਼ ਕਰਦਾ ਹੈ। ਮਿੱਡ ਅਤੇ ਸਮਾਲ ਕੈਪ ਵੱਲੋਂ ਮਹੱਤਵਪੂਰਨ ਵਧੀਆ ਪ੍ਰਦਰਸ਼ਨ ਦੀ ਗੱਲਬਾਤ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਉਸ ਸੈਗਮੈਂਟ ਵਿੱਚ ਮੁੱਲ-ਅਨੁਪਾਤ (ਵੈਲੂਏਸ਼ਨ) ਵਧ ਗਿਆ ਹੈ, ਜਦਕਿ ਲਾਰਜ-ਕੈਪ ਵਧੀਆ ਜੋਖਮ-ਅਨੁਪਾਤ ਰਿਟਰਨ ਅਤੇ ਸਥਿਰਤਾ ਪ੍ਰਦਾਨ ਕਰਦੇ ਹਨ। ਮਜ਼ਬੂਤ ਬੁਨਿਆਦੀ ਨਿਯਮਾਂ ਅਤੇ ਵਧੀਆ ਆਮਦਨ ਦ੍ਰਿਸ਼ਟਿਕੋਣ ਦੇ ਨਾਲ, ਲਾਰਜ-ਕੈਪ—ਜੋ ਕਿ ਮਾਰਕੀਟ ਕੈਪ ਦੇ ਅਨੁਸਾਰ ਸ਼ੀਰਸ਼ 100 ਕੰਪਨੀਆਂ ਹੁੰਦੀਆਂ ਹਨ—ਅਗਲੇ ਬਜ਼ਾਰ ਵਿਕਾਸ ਪੜਾਅ ਦੀ ਅਗਵਾਈ ਕਰਨ ਲਈ ਤਿਆਰ ਹਨ।

# ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਸਤਹ ਪਾਣੀ ਦੀ ਲੋੜ ਤੇ ਜੀ.ਐਨ.ਡੀ.ਯੂ ਵਿਖੇ ਕੀਤਾ ਸੈਮੀਨਾਰ ਦਾ ਆਯੋਜਨ



ਅੰਮ੍ਰਿਤਸਰ,(ਲੋਕ ਬਾਣੀ) ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਤਹਿਤ, ਕਾਰਪੋਰੇਸ਼ਨ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਅਨੁਸਾਰ ਅਤੇ ਜੀ.ਐਨ.ਡੀ.ਯੂ ਦੇ ਵਾਈਸ ਚਾਂਸਲਰ ਪ੍ਰੋ.ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਪਾਣੀ ਦੀ ਸਪਲਾਈ ਲਈ ਧਰਤੀ ਹੇਠਲੇ ਪਾਣੀ ਦੀ ਬਜਾਏ ਸਤਹੀ ਪਾਣੀ ਦੀ ਵਰਤੋਂ ਕਰਨ ਦੀ ਜ਼ਰੂਰਤ ਬਾਰੇ ਇੱਕ ਜਾਗਰੂਕਤਾ ਸੈਮੀਨਾਰ ਨਗਰ ਨਿਗਮ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਅਤੇ ਸਕੂਲ ਆਫ਼ ਸੋਸ਼ਲ ਸਾਇੰਸਜ਼ ਵੱਲੋਂ ਜੀਐਨਡੀਯੂ ਵਿੱਖੇ ਆਯੋਜਿਤ ਕੀਤਾ ਗਿਆ। ਲਾਰਸਨ ਐਂਡ ਟੂਬਰੋ ਕੰਪਨੀ ਦੇ ਸਹਿਯੋਗ ਨਾਲ ਆਯੋਜਿਤ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਅੰਮ੍ਰਿਤਸਰ ਬਲਕ ਜਲ ਸਪਲਾਈ ਯੋਜਨਾ ਦੇ ਨਾਲ-ਨਾਲ ਪਾਣੀ ਦੀ ਸੰਭਾਲ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦਾ ਉਦਘਾਟਨ ਸਕੂਲ ਆਫ਼ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ, ਪ੍ਰੋ. ਅੰਜਲੀ ਮਹਿਰਾ ਨੇ ਮਹਿਮਾਨ ਟੀਮ ਅਤੇ ਬੁਲਾਰਿਆਂ ਦਾ ਸਵਾਗਤ ਕੀਤਾ।

ਇਸ ਮੌਕੇ ਰਮਨ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ। ਪੰਜਾਬ ਦੇ ਜਲ ਸਰੋਤ 2022 ਦੀ ਰਿਪੋਰਟ ਅਨੁਸਾਰ, ਸੂਬੇ ਦੇ 153 ਬਲਾਕਾਂ ਵਿੱਚੋਂ 117 ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਦਸ ਬਲਾਕਾਂ ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਕੱਲੇ ਅੰਮ੍ਰਿਤਸਰ ਦੇ ਸ਼ਹਿਰੀ ਖੇਤਰ ਵਿੱਚ ਹੀ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਤਿੰਨ ਸੌ ਪ੍ਰਤੀਸ਼ਤ ਤੋਂ ਵੱਧ ਹੋ ਗਈ ਹੈ। ਜਿਸ ਕਾਰਨ ਸ਼ਹਿਰ ਲੰਬੇ ਸਮੇਂ ਤੱਕ ਪਾਣੀ ਦੀ ਸਪਲਾਈ ਲਈ ਭੂਮੀਗਤ ਪਾਣੀ ਤੇ ਨਿਰਭਰ ਨਹੀਂ ਰਹਿ ਸਕਦਾ। ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਸਰਕਾਰ ਨੇ ਸ਼ਹਿਰ ਵਿੱਚ ਟਿਕਾਊ ਅਤੇ ਸੁਰੱਖਿਅਤ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਸ਼ੁਰੂ ਕੀਤਾ ਹੈ। ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਯੂ.ਬੀ.ਡੀ.ਸੀ ਨਹਿਰ ਦੇ ਪਾਣੀ ਨੂੰ ਸਾਫ਼ ਕਰਕੇ ਸਪਲਾਈ ਕੀਤਾ ਜਾਵੇਗਾ। ਇਸ ਤਹਿਤ, ਵੱਲਾ ਵਿੱਚ 44 ਕਰੋੜ ਲੀਟਰ ਦੀ ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ, 112 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਉਣ ਦੇ ਨਾਲ-ਨਾਲ 51 ਨਵੇਂ ਟੈਂਕ ਬਣਾਏ ਜਾ ਰਹੇ ਹਨ। ਡਾ. ਮੋਨਿਕਾ ਸੱਭਰਵਾਲ ਨੇ ਧਰਤੀ ਹੇਠਲੇ ਪਾਣੀ ਨਾਲੋਂ ਸਤਹੀ ਪਾਣੀ ਦੇ ਸਿਹਤ ਲਾਭਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਅਧੀਨ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੀ ਗੁਣਵੱਤਾ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਆਈ ਐਸ 10500-2012 ਦੇ ਪੱਧਰ ਦੀ ਹੋਵੇਗੀ।

ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਕੁਝ ਬਦਲਾਅ ਕਰੀਏ ਤਾਂ ਅਸੀਂ ਆਸਾਨੀ ਨਾਲ ਪਾਣੀ ਦੀ ਬਚਤ ਕਰ ਸਕਦੇ ਹਾਂ, ਜਿਵੇਂ ਕਿ ਵਾਸ਼ਿੰਗ ਮਸ਼ੀਨ ਨੂੰ ਪੂਰੀ ਸਮਰੱਥਾ ਨਾਲ ਵਰਤਣਾ, ਨਹਾਉਣ ਲਈ ਸ਼ਾਵਰ ਦੀ ਬਜਾਏ ਬਾਲਟੀ ਦੀ ਵਰਤੋਂ ਕਰਨਾ, ਛੱਤ ਤੇ ਪਾਣੀ ਦੀਆਂ ਟੈਂਕੀਆਂ ਵਿੱਚ ਓਵਰਫਲੋ ਅਲਾਰਮ ਲਗਾਉਣਾ, ਘਰ ਵਿੱਚ ਲੀਕ ਹੋਣ ਵਾਲੀਆਂ ਟੂਟੀਆਂ ਦੀ ਸਮੇਂ ਸਿਰ ਮੁਰੰਮਤ ਕਰਵਾਉਣਾ, ਕਾਰ ਧੋਣ ਲਈ ਸਿੱਧੇ ਪਾਣੀ ਦੀ ਬਜਾਏ ਗਿੱਲੇ ਕੱਪੜੇ ਦੀ ਵਰਤੋਂ ਕਰਨਾ ਆਦਿ। ਅੰਤ ਵਿੱਚ, ਡਾ. ਰਚਨਾ ਸ਼ਰਮਾ ਅਤੇ ਡਾ. ਗੁਰਸ਼ਮਿੰਦਰ ਸਿੰਘ ਬਾਜਵਾ ਨੇ ਸੱਦੇ ਗਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਬਿਕਰਮ ਸਿੰਘ ਬਾਜਵਾ, ਪ੍ਰੋ. ਰਜਿੰਦਰ ਕੌਰ, ਪ੍ਰੋ. ਦਲਬੀਰ ਸਿੰਘ ਸੋਗੀ, ਡਾ. ਮਨਜੋਤ ਕੌਰ, ਡਾ. ਨਿਰਮਲਾ, ਡਾ. ਯੋਗੇਸ਼, ਡਾ. ਦਿਵਜੋਤ ਕੌਰ, ਡਾ. ਨੈਨਸੀ, ਅਸ਼ਵਨੀ ਸ਼ਰਮਾ, ਬੰਨਾਪ੍ਰਿਆ ਆਦਿ ਵੀ ਮੌਜੂਦ ਸਨ।

# ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਮੰਡੀ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਕੱਤਰ ਮਾਰਕਿਟ ਕਮੇਟੀ ਨੂੰ ਦਿੱਤਾ ਮੰਗ ਪੱਤਰ



ਅਬੋਹਰ,(ਲੋਕ ਬਾਣੀ) : ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਆਉਣ ਵਾਲੇ ਹਾੜ੍ਹੀ ਦੇ ਸੀਜ਼ਨ ਦੌਰਾਨ ਅਨਾਜ ਮੰਡੀ ਦੀਆਂ ਸਮੱਸਿਆਵਾਂ ਸਬੰਧੀ ਮਾਰਕੀਟ ਕਮੇਟੀ ਅਬੋਹਰ ਦੇ ਸਕੱਤਰ ਬਲਜਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਇੱਕ ਮੰਗ ਪੱਤਰ ਦਿੱਤਾ।

ਕਿਸਾਨ ਯੂਨੀਅਨ ਨੇ ਆਪਣੀ ਮੰਗ ਵਿੱਚ ਮੰਡੀ ਵਿੱਚ ਜਿੰਨੇ ਵੀ ਨਾਜਾਇਜ ਗੇਟ ਹਨ ਉਨ੍ਹਾਂ ਨੂੰ ਤੁਰੰਤ ਬੰਦ ਕਰਵਾਉਣ, ਗੁਜਰਾਂ ਦੀਆਂ ਗਾਵਾਂ ਜੋ ਅਕਸਰ ਮੰਡੀ ਰਾਹੀਂ ਲੰਘਦੀਆਂ ਹਨ ਉਨ੍ਹਾਂ ਨੂੰ ਰੋਕਣ ਅਤੇ ਮੰਡੀ ਦੇ ਗੇਟਾਂ ਤੇ ਚੌਕੀਦਾਰ ਮੁਹੱਈਆ ਕਰਵਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਚੌਕੀਦਾਰਾਂ ਦੀ ਮੌਜੂਦਗੀ ਨਾਲ ਮੰਡੀ ਵਿੱਚ ਹੋਣ ਵਾਲੀਆਂ ਚੋਰੀਆਂ ਨੂੰ ਰੋਕਿਆ ਜਾ ਸਕੇਗਾ। ਇਸ ਤੋਂ ਇਲਾਵਾ ਮੰਡੀ ਵਿੱਚ ਬਿਜਲੀ, ਪਾਣੀ, ਲਾਈਟਾਂ, ਤਰਪੈਲਾ, ਅਤੇ ਬਾਥਰੂਮਾਂ ਦੀ ਸਫਾਈ ਸੰਬੰਧੀ ਸੂਲਤਾਂ ਵਧਾਉਣ ਦੀ ਜ਼ਰੂਰਤ ਤੇ ਵੀ ਜੋਰ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੰਡੀ ਦੇ ਸ਼ੇਡਾਂ ਹੇਠਾਂ ਬੇਵਜ਼ਾ ਖੜ੍ਹੇ ਰਹਿਣ ਵਾਲੇ ਟਰੱਕ, ਕਿਸਾਨਾਂ ਦੀ ਫਸਲ ਵੇਚਣ ਦੀ ਪ੍ਰਕਿਰਿਆ ਨੂੰ ਪਰੇਸ਼ਾਨ ਕਰਦੇ ਹਨ, ਜੋ ਬਹੁਤ ਵੱਡੀ ਮੁਸ਼ਕਲ ਬਣ ਚੁੱਕੀ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਲੱਕੜ ਮੰਡੀ ਨੂੰ ਮੁੱਖ ਅਨਾਜ ਮੰਡੀ ਤੋਂ ਵੱਖਰੀ ਥਾਂ ਤੇ ਤਬਦੀਲ ਕਰਨ ਦੀ ਮੰਗ ਵੀ ਰੱਖੀ। ਉਨ੍ਹਾਂ ਕਿਹਾ ਕਿ ਲੱਕੜ ਮੰਡੀ ਦੇ ਹੋਣ ਕਾਰਨ ਸੀਜ਼ਨ ਦੌਰਾਨ ਮੁੱਖ ਮੰਡੀ ਵਿੱਚ ਭਾਰੀ ਭੀੜ ਹੋ ਜਾਂਦੀ ਹੈ, ਜੋ ਫਸਲ ਦੀ ਆਸਾਨ ਅਤੇ ਸਮੇਂ-ਸਿਰ ਵਿਕਰੀ ਚ ਰੁਕਾਵਟ ਪੈਦਾ ਕਰਦੀ ਹੈ।

ਸਕੱਤਰ ਮਾਰਕਿਟ ਕਮੇਟੀ ਬਲਜਿੰਦਰ ਸਿੰਘ ਨੇ ਕਿਸਾਨ ਆਗੂਆਂ ਨੂੰ ਯਕੀਨ ਦਵਾਇਆ ਕਿ ਹਾੜ੍ਹੀ ਦੇ ਸੀਜ਼ਨ ਤੋਂ ਪਹਿਲਾਂ ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀਆਂ ਹਦਾਇਤਾਂ ਅਨੁਸਾਰ ਮੁੱਖ ਅਨਾਜ ਮੰਡੀ ਅਬੋਹਰ ਵਿੱਚ ਸਾਫ-ਸਫਾਈ ਪਹਿਲਾਂ ਹੀ ਜਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਾਰਕਿਟ ਕਮੇਟੀ ਦੇ ਕਰਮਚਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਮੰਡੀ ਦੀ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਥਾਂ ਤੇ ਕੂੜਾ ਨਾ ਹੋਣ ਦਿੱਤਾ ਜਾਵੇ। ਇਸ ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਆਪਣੀਆਂ ਹੋਰ ਮੁਸ਼ਕਲਾਂ ਨੂੰ ਵੀ ਦੱਸਿਆ, ਜਿਸ ਤੇ ਸਕੱਤਰ ਬਲਜਿੰਦਰ ਸਿੰਘ ਨੇ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਭੁਪਿੰਦਰ ਸਿੰਘ ਕਿੱਕਰ ਖੇੜਾ ਜਿਲ੍ਹਾ ਪ੍ਰਧਾਨ(ਫਾਜਿਲਕਾ), ਸਿਮਰਜੀਤ ਸਿੰਘ ਜਿਲ੍ਹਾ ਜਨਰਲ ਸਕੱਤਰ, ਗੁਰਟੇਕ ਸਿੰਘ ਬਲਾਕ ਪ੍ਰਧਾਨ, ਲੱਖਵਿੰਦਰ ਸਿੰਘ ਪ੍ਰੈਸ ਸਕੱਤਰ, ਅਮਰੀਕ ਸਿੰਘ ਜਿਲ੍ਹਾ ਮੀਤ ਸਕੱਤਰ, ਮਹਿੰਦਰ ਰਾਮਸਰਾ ਬਲਾਕ ਪ੍ਰਧਾਨ, ਰਮਨਪ੍ਰੀਤ ਸਿੰਘ ਬਲਾਕ ਮੀਤ ਪ੍ਰਧਾਨ ਆਦਿ ਕਿਸਾਨ ਆਗੂ ਮੌਜੂਦ ਸਨ।

# ਨਿਸਾਨ ਮੈਗਨਾਈਟ ਨੇ 50,000 ਯੂਨਿਟਾ ਨਿਰਯਾਤ ਦਾ ਮੀਲ ਪੱਥਰ ਪਾਰ ਕੀਤਾ




ਚੰਡੀਗੜ੍ਹ: (ਲੋਕ ਬਾਣੀ) ਵਾਤਾਵਰਣ-ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ, ਨਿਸਾਨ ਨੇ ਅੱਜ ਐਲਾਨ ਕੀਤਾ ਕਿ ਨਵਾਂ ਨਿਸਾਨ ਮੈਗਨਾਈਟ 2♣10 ਨੈਚੁਰਲੀ ਐਸਪੀਰੇਟਿਡ ਇੰਜਣ ਹੁਣ ਪੂਰੀ ਤਰ੍ਹਾਂ 520 ਅਨੁਕੂਲ ਹੈ।

ਇਸਦੇ ਨਾਲ, ਇਹ ਵਧੇਰੇ ਸ਼ਕਤੀਸ਼ਾਲੀ 1.0 ਲੀਟਰ 8♣10 ਟਰਬੋਚਾਰਜਡ ਪੈਟਰੋਲ ਇੰਜਣ ਦੇ ਬਰਾਬਰ ਆਉਂਦਾ ਹੈ, ਜਿਸ ਨੂੰ ਅਗਸਤ 2024 ਵਿੱਚ 520 ਅਨੁਕੂਲ ਬਣਾਇਆ ਗਿਆ ਸੀ। ਇਸ ਪ੍ਰਾਪਤੀ ਦੇ ਨਾਲ, ਨਵੇਂ ਨਿਸਾਨ ਮੈਗਨਾਈਟ ਦੇ ਸਾਰੇ ਪਾਵਰਟ੍ਰੇਨ ਵਿਕਲਪ ਹੁਣ 520 ਅਨੁਕੂਲ ਬਣ ਗਏ ਹਨ।

ਨਿਸਾਨ ਮੋਟਰ ਇੰਡੀਆ ਨੇ ਆਪਣੇ ਲਾਂਚ ਤੋਂ ਬਾਅਦ ਮੈਗਨਾਈਟ ਦੀਆਂ 50,000 ਯੂਨਿਟਾਂ ਦੀ ਨਿਰਯਾਤ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਵੀ ਪਾਰ ਕੀਤਾ ਹੈ।

ਨਵੀਂ ਨਿਸਾਨ ਮੈਗਨਾਈਟ ਨੇ ਭਾਰਤ ਨੂੰ ਕੰਪਨੀ ਲਈ ਇੱਕ ਪ੍ਰਮੁੱਖ ਨਿਰਯਾਤ ਹੱਬ ਵਜੋਂ ਸਥਾਪਤ ਕਰਨ ਲਈ ਕੰਪਨੀ ਦੀ ਹਾਲੀਆ ਰਣਨੀਤਕ ਘੋਸ਼ਣਾ ਦੇ ਅਨੁਸਾਰ ਲਾਂਚ ਕੀਤੇ ਜਾਣ ਤੋਂ ਬਾਅਦ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਆਪਣੀ ਥੋਕ ਵਿਕਰੀ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਹੈ।ਐਲਐਚਡੀ ਸੰਸਕਰਣ ਦੀ ਸ਼ੁਰੂਆਤ ਨੇ ਜਨਵਰੀ 2025 ਵਿੱਚ ਪਹਿਲੀ ਡਿਸਪੈਚ ਦੇ ਨਾਲ ਇਸ ਦਿਸ਼ਾ ਵਿੱਚ ਇੱਕ ਵੱਡਾ ਯੋਗਦਾਨ ਪਾਇਆ ਹੈ।

ਫਰਵਰੀ 2025 ਵਿੱਚ, ਨਿਸਾਨ ਨੇ ਕੁੱਲ 8567 ਯੂਨਿਟਾਂ ਦੀ ਥੋਕ ਵਿਕਰੀ ਕੀਤੀ, ਜਿਸ ਵਿੱਚ ਵਧੇ ਹੋਏ ਨਿਰਯਾਤ ਅੰਕੜਿਆਂ ਨੇ ਮਹੱਤਵਪੂਰਨ ਯੋਗਦਾਨ ਪਾਇਆ। ਘਰੇਲੂ ਬਜ਼ਾਰ ਵਿੱਚ 2328 ਯੂਨਿਟ ਅਤੇ ਨਿਰਯਾਤ ਬਾਜ਼ਾਰ ਵਿੱਚ 6239 ਯੂਨਿਟ ਵੇਚੇ ਗਏ।

ਫਰਵਰੀ 2024 ਚ 3163 ਦੇ ਮੁਕਾਬਲੇ ਇਸ ਸਾਲ ਬਰਾਮਦ ਚ 97 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੌਰਭ ਵਤਸ ਨੇ ਕਿਹਾ, ਨਵਾਂ ਨਿਸਾਨ ਮੈਗਨਾਈਟ 520 ਅਨੁਕੂਲ ਹੋਣਾ ਵਾਤਾਵਰਣ ਦੇ ਮਾਪਦੰਡਾਂ ਨੂੰ ਬਦਲਦੇ ਹੋਏ ਭਵਿੱਖ ਲਈ ਤਿਆਰ ਗਤੀਸ਼ੀਲਤਾ ਹੱਲ ਪ੍ਰਦਾਨ ਕਰਨ ਪ੍ਰਤੀ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।ਅਸੀਂ ਭਾਰਤ ਵਿੱਚ ਆਪਣੇ ਸੰਚਾਲਨ ਲਈ ਵਚਨਬੱਧ ਹਾਂ ਅਤੇ ਨਵੇਂ ਨਿਸਾਨ ਮੈਗਨਾਈਟ ਦਾ ਵਿਕਾਸ ਇਸ ਸਮਰਪਣ ਦਾ ਪ੍ਰਮਾਣ ਹੈ।

# ਬਿਜਲੀ ਦੀ ਜਰੂਰੀ ਮੇਨਟੀਨੈਂਸ ਕਾਰਣ ਬਿਜਲੀ ਸਪਲਾਈ ਸਵੇਰੇ 9.00 ਤੋਂ 2.00 ਵਜੇ ਤੱਕ ਬੰਦ ਰਹੇਗੀ



ਫਗਵਾੜਾ (ਸੁਸ਼ੀਲ ਸ਼ਰਮਾ) ਪੀ ਐਸ ਪੀ ਸੀ ਐਲ ਸਹਾਇਕ ਕਾਰਜਕਾਰੀ ਇੰਜੀਨੀਅਰ

ਟੀ-2 ਸਬ ਅਰਬਨ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 03/03/2025 ਦਿਨ ਸੋਮਵਾਰ ਨੂੰ 66 ਕੇ ਵੀ ਹੁਸ਼ਿਆਰਪੁਰ ਰੋਡ ਵਿਖੇ ਸ਼ਟ ਡਾਉਨ ਦੌਰਾਨ ਜਰੂਰੀ ਮੇਨਟੀਨੈਂਸ ਕਰਨ ਲਈ ਹੇਠ ਲਿਖੇ ਏਰੀਏ ਦੀ ਬਿਜਲੀ ਸਪਲਾਈ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 16:00 ਵਜੇ ਤੱਕ ਬੰਦ ਰਹੇਗੀ

11 ਕੇ ਵੀ ਪੇਂਡੂ ਸ਼ਹਿਰੀ ਨੰ:1 ਅਤੇ 11 ਕੇ ਵੀ ਪੇਂਡੂ ਸ਼ਹਿਰੀ ਨੰ:2, 11 ਕੇ ਵੀ ਲਿੰਕ ਫੀਡਰ, 11 ਕੇ ਵੀ ਖਲਵਾੜਾ ਫੀਡਰ, 11 ਕੇ ਵੀ ਬਾਬਾ ਗਧੀਆ ਫੀਡਰ, 11 ਕੇ ਵੀ ਹੁਸ਼ਿਆਰਪੁਰ ਰੋਡ ਫੀਡਰ, 11ਕੇ ਵੀ ਅਸ਼ੋਕ ਵਿਹਾਰ ਫੀਡਰ, 11 ਕੇ.ਵੀ. ਫਤਿਹਗੜ, 11 ਕੇ ਵੀ ਸਿਵਲ ਹਸਪਤਾਲ ਫੀਡਰ, ਇਹਨਾਂ ਸਬ ਸਟੇਸ਼ਨਾਂ ਤੋਂ ਚੱਲਦੇ ਸਾਰੇ ਏ ਪੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ ਬਿਜਲੀ ਸਪਲਾਈ ਬੰਦ ਰਹਿਣ ਕਾਰਣ ਪ੍ਰਭਾਵਿਤ ਏਰੀਆ ਚ ਮੁਹੱਲਾ, ਚਾਹਲ ਨਗਰ, ਸੰਤੋਖਪੁਰਾ, ਦਸਮੇਸ਼ ਨਗਰ, ਸ਼ਾਂਮ ਇਨਕਲੇਵ, ਨੇੜੇ ਜੀਟੀ ਰੋਡ, ਮੁਹੱਲਾ ਧਰਮਕੋਟ, ਪਲਾਹੀ ਰੋਡ, ਬਾਬਾ ਗਧੀਆ, ਪਿੰਡ ਭੁੱਲਾਰਾਈ, ਹਾਜੀਪੁਰ, ਚੱਕ ਹਕੀਮ, ਖੰਗੂੜਾ, ਪਲਾਹੀ,ਵਜੀਦੋਵਾਲ, ਖਲਵਾੜਾ, ਪੰਡੋਰੀ, ਖਾਟੀ, ਖੁਰਮਪੁਰ, ਚੱਕ ਪ੍ਰੇਮਾ, ਲੱਖਪੁਰ ਸੰਗਤਪੁਰ,ਨਵਾਂ ਪਿੰਡ ਆਦਿ ਪ੍ਰਮੁੱਖ ਹਨ

# ਇੰਡਸਟਰੀ ਦੀ ਸਹੂਲਤ ਲਈ ਉਦਯੋਗਿਕ ਇਲਾਕਿਆਂ 'ਚ ਕਰਵਾਏ ਜਾਣਗੇ 4.45 ਕਰੋੜ ਰੁਪਏ ਦੇ ਵਿਕਾਸ ਕਾਰਜ : ਡਿਪਟੀ ਕਮਿਸ਼ਨਰ

ਜਲੰਧਰ, (ਲੋਕ ਬਾਣੀ): ਉਦਯੋਗਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਸਨਅਤਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਉਦਯੋਗਿਕ ਇਲਾਕਿਆਂ ਵਿੱਚ 4.45 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ 2.44 ਕਰੋੜ ਰੁਪਏ ਦੇ ਵਿਕਾਸ ਕਾਰਜ ਫੋਕਲ ਪੁਆਇੰਟ ਓਲਡ ਅਤੇ ਫੋਕਲ ਪੁਆਇੰਟ ਐਕਸਟੈਂਸ਼ਨ ਵਿੱਚ ਜਦਕਿ 2.01 ਕਰੋੜ ਰੁਪਏ ਦੇ ਕੰਮ ਲੈਦਰ ਕੰਪਲੈਕਸ ਅਤੇ ਸਰਜੀਕਲ ਕੰਪਲੈਕਸ ਵਿਖੇ ਨਗਰ ਨਿਗਮ ਜਲੰਧਰ ਵੱਲੋਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਮੈਨਹੋਲ, ਚੈਂਬਰ, ਆਰਜੀ ਸੀਵਰੇਜ ਡਿਸਪੋਜ਼ਲ ਤੇ ਟਿਊਬਵੈੱਲ, ਜਲ ਸਪਲਾਈ ਤੇ ਸੀਵਰੇਜ ਸਿਸਟਮ ਦੀ ਮੁਰੰਮਤ ਤੇ ਰੱਖ-ਰਖਾਅ, ਜ਼ੋਨਲ ਦਫ਼ਤਰਾਂ ਦਾ ਨਿਰਮਾਣ, ਨਵੀਆਂ ਸਟ੍ਰੀਟ ਲਾਈਟਾਂ, ਜਨਰੇਟਰ ਸੈੱਟਾਂ ਦੀ ਖ਼ਰੀਦ, ਸਰਜੀਕਲ ਕੰਪਲੈਕਸ ਵਿਖੇ ਸਟ੍ਰੋਮ ਸੀਵਰੇਜ ਸਿਸਟਮ ਦਾ ਨਿਰਮਾਣ ਆਦਿ ਸ਼ਾਮਲ ਹਨ।

ਡਾ. ਅਗਰਵਾਲ ਨੇ ਵਿਕਾਸ ਕਾਰਜ ਸਮੇਂ ਸਿਰ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਅਧਿਕਾਰੀ ਵਿਕਾਸ ਕਾਰਜਾਂ ਦੀ ਵਿਅਕਤੀਗਤ ਤੌਰ ''ਤੇ ਨਿਗਰਾਨੀ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਕੰਮਾਂ ਦੀ ਗੁਣਵੱਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਸਪਸ਼ਟ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਾਂ ਨੂੰ ਸੁਖਾਵਾਂ ਮਾਹੌਲ ਅਤੇ ਸਹੂਲਤਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਉਦਯੋਗ ਅਤੇ ਵਪਾਰ ਵਿਕਾਸ ਨੀਤੀ ਤਹਿਤ ਰਾਜ ਸਰਕਾਰ ਵੱਲੋਂ ਯੋਗ ਫਰਮਾਂ ਲਈ 3.79 ਕਰੋੜ ਰੁਪਏ ਦੇ ਪੰਜ ਇੰਸੈਂਟਿਵ ਕੇਸ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਦਯੋਗਾਂ ਦੇ ਨੁਮਾਇੰਦਿਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੀ ਤੀਜੀ ਮੰਜ਼ਿਲ ਸਥਿਤ ਡੀ.ਬੀ.ਈ.ਈ. ਵਿਖੇ ਸਿੰਗਲ ਵਿੰਡੋ ਨੇ ਅੱਜ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਥੇ ਉਦਯੋਗਾਂ ਦੇ ਮੁੱਦਿਆਂ ਦਾ ਨਿਪਟਾਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਰ ਮੰਗਲਵਾਰ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਸਨਅਤਕਾਰਾਂ ਦੀ ਸਹੂਲਤ ਲਈ ਜਲਦ ਹੀ ਹੈਲਪਲਾਈਨ ਨੰਬਰ ਵੀ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL EXCELLENCE SINCE 1958
64 YEARS MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com